ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post



SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.Switchinsurance.ca



JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



To view our online newspaper visit punjabipost.ca/epaper | Vol 22* Issue 114 | Tuesday, June 13, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ


## ਚਾਓ ਦੇ ਸਮਰਥਨ ਵਿੱਚ ਆਈ ਮਾਮੂਲੀ ਗਿਰਾਵਟ



ਟੋਰਾਂਟੋ, 12 ਜੂਨ (ਪੋਸਟ ਬਿਊਰੋ) : ਇੱਕ ਨਵੇਂ ਸਰਵੇਖਣ ਅਨੁਸਾਰ ਭਾਵੇਂ ਓਲੀਵੀਆ ਚਾਓ ਟੋਰਾਂਟੋ ਦੇ ਮੇਅਰ ਦੇ ਅਹੁਦੇ ਦੀ ਦੌੜ ਵਿੱਚ ਆਪਣੇ ਨਾਲ ਦੇ ਉਮੀਦਵਾਰਾਂ ਤੋਂ ਕਾਫੀ ਅੱਗੇ ਚੱਲ ਰਹੀ ਹੈ ਪਰ ਤਾਜ਼ਾ ਰਿਪੋਰਟ ਅਨੁਸਾਰ ਉਸ ਦੇ ਸਮਰਥਨ ਵਿੱਚ ਮਾਮੂਲੀ ਗਿਰਾਵਟ ਦਰਜ ਕੀਤੀ ਗਈ ਹੈ।

ਸੋਮਵਾਰ ਨੂੰ ਫੋਰਮ ਰਿਸਰਚ ਵੱਲੋਂ ਜਾਰੀ ਕੀਤੇ ਗਏ ਆਪਣੇ ਨਵੇਂ ਸਰਵੇਖਣ ਦੇ ਨਤੀਜਿਆਂ ਅਨੁਸਾਰ ਚਾਓ ਨੂੰ ਇਸ ਸਮੇਂ 35 ਫੀ ਸਦੀ ਲੋਕਾਂ ਦਾ ਸਮਰਥਨ ਹਾਸਲ ਹੋ ਰਿਹਾ ਹੈ, ਜੋ ਕਿ 2 ਜੂਨ ਨੂੰ ਕਰਵਾਏ ਗਏ ਸਰਵੇਖਣ ਨਾਲੋਂ ਤਿੰਨ ਫੀ ਸਦੀ ਅੰਕ ਘੱਟ ਹੈ। ਉਸ ਸਮੇਂ ਚਾਓ ਨੂੰ 38 ਫੀ ਸਦੀ ਸਮਰਥਨ ਹਾਸਲ ਹੋ ਰਿਹਾ ਸੀ। ਇਸ ਦੌਰਾਨ ਚਾਓ ਦੇ ਕੁੱਝ ਕੁ ਵਿਰੋਧੀ ਉਮੀਦਵਾਰਾਂ ਦੇ ਸਮਰਥਨ ਵਿੱਚ ਵੀ ਮਾਮੂਲੀ ਵਾਧਾ ਦਰਜ ਕੀਤਾ ਗਿਆ ਹੈ। ਮਾਰਕ ਸਾਂਡਰਸ ਤੇ ਐਂਥਨੀ ਫੁਰੇ ਨੂੰ ਕ੍ਰਮਵਾਰ 14 ਫੀ ਸਦੀ ਤੇ 11 ਫੀ ਸਦੀ ਸਮਰਥਨ ਹਾਸਲ ਹੋ ਰਿਹਾ ਹੈ। ਸਰਵੇਖਣ ਅਨੁਸਾਰ ਐਨਾ ਬਾਇਲਾਓ ਦੇ ਸਮਰਥਨ ਵਿੱਚ ਦੋ ਫੀ ਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ ਤੇ ਉਸ ਨੂੰ ਹੁਣ ਕੁੱਲ ਮਿਲਾ ਕੇ 10 ਫੀ ਸਦੀ ਸਮਰਥਨ ਮਿਲ ਰਿਹਾ ਹੈ।

ਜੋਸ਼ ਮੈਟਲੋਅ ਦੇ ਸਮਰਥਨ ਵਿੱਚ ਤਿੰਨ ਅੰਕਾਂ ਦੀ ਕਮੀ ਆਈ ਹੈ ਤੇ ਉਸ ਨੂੰ ਮਿਲਣ ਵਾਲਾ ਸਮਰਥਨ ਨੌਂ ਫੀ ਸਦੀ ਰਹਿ ਗਿਆ ਹੈ, ਜਦਕਿ ਮਿਤਜ਼ੀ ਹੰਟਰ (ਸੱਤ ਫੀ ਸਦੀ) ਤੇ ਬ੍ਰੈਡ ਬ੍ਰੈੱਡਫੋਰਡ (ਪੰਜ ਫੀ ਸਦੀ) ਸਮਰਥਨ ਨਾਲ ਪਹਿਲਾਂ ਵਾਲੀ ਸਥਿਤੀ ਵਿੱਚ ਹੀ ਹਨ। ਇਹ ਸਰਵੇਖਣ ਟੋਰਾਂਟੋ ਦੇ 1047 ਲੋਕਾਂ ਉੱਤੇ ਕੀਤਾ ਗਿਆ।

## ਚੀਨ ਵਲੋਂ ਭਾਰਤ ਦੇ ਆਖਰੀ ਪੱਤਰਕਾਰ ਨੂੰ ਵੀ ਬੀਜਿੰਗ ਛੱਡਣ ਦੇ ਹੁਕਮ



ਬੀਜਿੰਗ, 12 ਜੂਨ (ਪੋਸਟ ਬਿਊਰੋ): ਚੀਨ ਨੇ ਭਾਰਤ ਦੇ ਆਖਰੀ ਪੱਤਰਕਾਰ ਨੂੰ ਵੀ ਬੀਜਿੰਗ ਛੱਡਣ ਦਾ ਹੁਕਮ ਜਾਰੀ ਕਰ ਦਿੱਤਾ ਹੈ। ਰਿਪੋਰਟ ਮੁਤਾਬਕ ਚੀਨੀ ਅਧਿਕਾਰੀਆਂ ਨੇ ਪ੍ਰੈਸ ਟਰੱਸਟ ਆਫ ਇੰਡੀਆ (ਪੀਟੀਆਈ) ਦੇ ਪੱਤਰਕਾਰ ਨੂੰ ਇਸ ਮਹੀਨੇ ਹੀ ਦੇਸ਼ ਛੱਡਣ ਲਈ ਕਿਹਾ ਹੈ। ਡਰੈਗਨ ਦਾ ਦੋਸ਼ ਹੈ ਕਿ ਭਾਰਤ ਚੀਨੀ ਪੱਤਰਕਾਰਾਂ ਨਾਲ ਗਲਤ ਵਿਵਹਾਰ ਕਰ ਰਿਹਾ ਹੈ। ਜਿਸ ਕਾਰਨ ਉਸ ਨੇ ਵੀ ਜਵਾਬੀ ਕਾਰਵਾਈ ਕਰਦਿਆਂ ਇਹ ਕਦਮ ਚੁੱਕਿਆ ਹੈ। ਇਸ ਪੱਤਰਕਾਰ ਦੇ ਭਾਰਤ ਪਰਤਣ ਤੋਂ ਬਾਅਦ ਦੁਨੀਆਂ ਦੀ ਦੂਜੀ ਸਭ ਤੋਂ ਵੱਡੀ ਅਰਥਵਿਵਸਥਾ ਚੀਨ ਤੋਂ ਭਾਰਤੀ ਮੀਡੀਆ ਦੀ ਮੌਜੂਦਗੀ ਖ਼ਤਮ ਹੋ ਜਾਵੇਗੀ। ਭਾਰਤ ਦਾ ਇੱਕ ਵੀ ਪੱਤਰਕਾਰ ਚੀਨ ਵਿੱਚ ਨਹੀਂ ਰਹੇਗਾ।

ਦੱਸ ਦਈਏ ਕਿ ਇਸ ਸਾਲ ਦੀ ਸ਼ੁਰੂਆਤ ਵਿੱਚ 4 ਭਾਰਤੀ ਪੱਤਰਕਾਰ ਚੀਨ ਵਿੱਚ ਕੰਮ ਕਰ ਰਹੇ ਸਨ। ਇਨ੍ਹਾਂ ਵਿੱਚ 'ਹਿੰਦੁਸਤਾਨ ਟਾਈਮਜ਼' ਅਖ਼ਬਾਰ ਦੇ ਰਿਪੋਰਟਰ ਨੇ ਪਿਛਲੇ ਹਫ਼ਤੇ ਹੀ ਬੀਜਿੰਗ ਛੱਡ ਦਿੱਤਾ ਸੀ, ਜਦੋਂ ਕਿ ਸਰਕਾਰੀ ਚੈਨਲ ਪ੍ਰਸਾਰ ਭਾਰਤੀ ਅਤੇ 'ਦਿ ਹਿੰਦੂ ਅਖ਼ਬਾਰ' ਦੇ ਪੱਤਰਕਾਰਾਂ ਨੂੰ ਚੀਨ ਨੇ ਅਪ੍ਰੈਲ ਵਿੱਚ ਵਾਪਸ ਆਉਣ ਤੋਂ ਰੋਕ ਦਿੱਤਾ ਸੀ, ਕਿਉਂਕਿ ਉਨ੍ਹਾਂ ਦੇ ਵੀਜ਼ੇ ਰੀਨਿਊ ਨਹੀਂ ਕੀਤੇ ਗਏ ਸਨ।

ਇਸ ਰਿਪੋਰਟ ਮੁਤਾਬਕ ਚੀਨ ਦੇ ਵਿਦੇਸ਼ ਮੰਤਰਾਲੇ ਨੇ ਇਸ ਮਾਮਲੇ 'ਚ ਅਜੇ ਤੱਕ ਕੋਈ ਪ੍ਰਤੀਕਿਰਿਆ ਨਹੀਂ ਦਿੱਤੀ ਹੈ। ਇਸ ਦੇ ਨਾਲ ਹੀ ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਵੀ ਕੋਈ ਪ੍ਰਤੀਕਿਰਿਆ ਨਹੀਂ ਦਿੱਤੀ ਹੈ। ਪਿਛਲੇ ਮਹੀਨੇ ਚੀਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਮਾਓ ਨਿੰਗ ਨੇ ਕਿਹਾ ਸੀ ਕਿ ਭਾਰਤ ਵਿਚ ਸਿਰਫ ਇਕ ਚੀਨੀ ਪੱਤਰਕਾਰ ਬਚਿਆ ਹੈ, ਜੋ ਅਜੇ ਵੀਜ਼ਾ ਰੀਨਿਊਲ ਦੀ ਉਡੀਕ ਕਰ ਰਿਹਾ ਹੈ। ਚੀਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਵੈਂਗ ਵੇਨਬਿਨ ਨੇ ਸੋਮਵਾਰ ਨੂੰ ਦੋਸ਼ ਲਗਾਇਆ ਕਿ ਭਾਰਤ ਵਿੱਚ ਚੀਨੀ ਪੱਤਰਕਾਰਾਂ ਨਾਲ ਗਲਤ ਵਿਵਹਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਉਮੀਦ ਹੈ ਕਿ ਭਾਰਤ ਇਸ 'ਤੇ ਜਲਦੀ ਹੀ ਵਿਚਾਰ ਕਰੇਗਾ।

ਜ਼ਿਕਰਯੋਗ ਹੈ ਕਿ ਭਾਰਤ ਨੇ ਚੀਨ ਦੀ ਸਰਕਾਰੀ ਮੀਡੀਆ ਸਿਨਹੂਆ ਨਿਊਜ਼ ਏਜੰਸੀ ਅਤੇ ਚਾਈਨਾ ਸੈਂਟਰਲ ਟੈਲੀਵਿਜ਼ਨ ਦੇ ਦੋ ਪੱਤਰਕਾਰਾਂ ਦੀਆਂ ਵੀਜ਼ਾ ਰੀਨਿਊ ਦੀਆਂ ਅਰਜ਼ੀਆਂ ਨੂੰ ਰੱਦ ਕਰ ਦਿੱਤਾ ਸੀ। ਭਾਰਤ ਨੇ ਕਿਹਾ ਸੀ ਕਿ ਚੀਨੀ ਪੱਤਰਕਾਰ ਭਾਰਤ ਵਿੱਚ ਬਿਨਾਂ ਕਿਸੇ ਰੁਕਾਵਟ ਦੇ ਕੰਮ ਕਰਦੇ ਹਨ। ਪਰ ਚੀਨ ਵਿੱਚ ਭਾਰਤੀ ਪੱਤਰਕਾਰਾਂ ਨਾਲ ਅਜਿਹਾ ਨਹੀਂ ਹੈ। ਬੀਜਿੰਗ ਵਿੱਚ ਭਾਰਤੀ ਪੱਤਰਕਾਰਾਂ ਨਾਲ ਬਦਸਲੂਕੀ ਹਾਲਾਂਕਿ ਦੋਵਾਂ ਦੇਸ਼ਾਂ ਨੇ ਸੰਪਰਕ ਵਿੱਚ ਰਹਿਣ ਦੀ ਗੱਲ ਵੀ ਕਹੀ ਸੀ।

## ਬੁੱਧਵਾਰ ਨੂੰ ਵਿਸ਼ੇਸ਼ ਐਲਾਨ ਕਰੇਗੀ ਬੌਨੀ ਕ੍ਰੌਂਬੀ



ਓਨਟਾਰੀਓ, 12 ਜੂਨ (ਪੋਸਟ ਬਿਊਰੋ) : ਮਿਸੀਸਾਗਾ ਦੀ ਮੇਅਰ ਬੌਨੀ ਕ੍ਰੌਂਬੀ ਵੱਲੋਂ ਬੁੱਧਵਾਰ ਨੂੰ ਇੱਕ ਵਿਸ਼ੇਸ਼ ਐਲਾਨ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਉਹ ਓਨਟਾਰੀਓ ਦੀ ਲਿਬਰਲ ਪਾਰਟੀ ਦੀ ਆਗੂ ਬਣਨ ਲਈ ਪਰ ਤੋਲ ਰਹੀ ਹੈ।

ਲੰਮੇਂ ਸਮੇਂ ਤੋਂ ਮਿਸੀਸਾਗਾ ਦੀ ਮੇਅਰ ਚੱਲੀ ਆ ਰਹੀ ਕ੍ਰੌਂਬੀ ਨੇ ਇੱਕ ਮਹੀਨੇ ਪਹਿਲਾਂ ਇਹ ਐਲਾਨ ਕੀਤਾ ਸੀ ਕਿ ਪ੍ਰੋਵਿੰਸ਼ੀਅਲ ਪਾਰਟੀ ਦੀ ਲੀਡਰਸ਼ਿਪ ਹਾਸਲ ਕਰਨ ਲਈ ਸਾਰੇ ਪੱਖਾਂ ਦਾ ਮੁਲਾਂਕਣ ਕਰਨ ਵਾਸਤੇ ਉਸ ਵੱਲੋਂ ਇੱਕ ਕਮੇਟੀ ਕਾਇਮ ਕੀਤੀ ਜਾ ਰਹੀ ਹੈ। ਸੋਮਵਾਰ ਨੂੰ ਜਾਰੀ ਕੀਤੇ ਇੱਕ ਬਿਆਨ ਵਿੱਚ ਕ੍ਰੌਂਬੀ ਨੇ ਆਖਿਆ ਕਿ ਉਹ ਰੋਜ਼ਾਨਾਂ ਓਨਟਾਰੀਓ ਦੇ ਲੋਕਾਂ ਨਾਲ ਗੱਲ ਕਰਦੀ ਹੈ ਤੇ ਪ੍ਰੋਵਿੰਸ ਵਿੱਚ ਰਹਿਣ ਲਈ ਉਨ੍ਹਾਂ ਨੂੰ ਕਿਹੋ ਜਿਹੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਇਸ ਬਾਰੇ ਵੀ ਪਤਾ ਲਾਉਂਦੀ ਹੈ।

ਲਿਬਰਲ ਆਗੂ ਲਈ ਲੜਨ ਦੇ ਆਪਣੇ ਇਰਾਦੇ ਦੇ ਪ੍ਰਗਟਾਵੇ ਤੋਂ ਬਾਅਦ ਕ੍ਰੌਂਬੀ ਨੇ ਆਖਿਆ ਕਿ ਆਪਣੀਆਂ ਮੇਅਰ ਦੀਆਂ ਡਿਊਟੀਆਂ ਤੋਂ ਅਸਤੀਫਾ ਦੇਣ ਦਾ ਹਾਲ ਦੀ ਘੜੀ ਉਸ ਦਾ ਕੋਈ ਇਰਾਦਾ ਨਹੀਂ ਹੈ। ਉਹ 2014 ਤੋਂ ਹੀ ਮਿਸੀਸਾਗਾ ਦੇ ਮੇਅਰ ਦੇ ਅਹੁਦੇ ਉੱਤੇ ਬਣੀ ਹੋਈ ਹੈ। ਉਨ੍ਹਾਂ ਇਹ ਵੀ ਆਖਿਆ ਕਿ ਉਹ ਆਪਣੀਆਂ ਸ਼ਾਮਾਂ ਤੇ ਵੀਕੈਂਡਜ਼ ਆਪਣੀ ਕੈਂਪੇਨ ਦੇ ਲੇਖੇ ਲਾਉਣਾ ਪਸੰਦ ਕਰੇਗੀ।


NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI 416.994.7272
www.allkindinsurance.com

INSURANCE
- Home
- Auto
- Business
- Trucking
- Life Insurance
- Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

OURR HOME & APPLIANCES
"Ourr Home In Every Home"
GET SPECIAL DISCOUNTS ON PACKAGES
HOT SUMMER Deal $1699*
SWASH The Perfect Laundry Pairing
JENNAIR LUXURY REDEFINED
REWARD YOURSELF 15% OFF 20% OFF 25% OFF
KitchenAid MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

SUPER VISA INSURANCE EXPERTS
Punjab Insurance Inc
RANJIT GILL Insurance Advisor
Ph: 416-724-5000
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axcel InsuranceBrokers Ltd.
1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL (Government Approved Licensed Technician)
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on. Brokerage Lic. 12538
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
Counterbalance All Types / Walkie pallet Low Lift / Electric Motor Narrow Aisle Reach / Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
- ਮੁਫਤ ਪਿਕਅਪ ਅਤੇ ਡਰਾਪ ਆਫ
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਫਰੀ ਪਿਕਅਪ
Best Rates For Lessons
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca


# ਰਾਜਪਾਲ ਦੇ ਆਪਣੀ ਸੰਵਿਧਾਨਕ ਡਿਊਟੀ ਨਿਭਾਉਣ ਵਿੱਚ ਅਸਫ਼ਲ ਰਹਿਣ ਬਾਰੇ ਮੁੱਖ ਮੰਤਰੀ ਵੱਲੋਂ ਵੀਡੀਓ ਜਾਰੀ

*** ਸੁਪਰੀਮ ਕੋਰਟ ਦੇ ਆਦੇਸ਼ ਦੇ ਹਵਾਲੇ ਨਾਲ ਡਿਊਟੀ ਬਾਰੇ ਸਮਝਾਉਣ ਤੱਕ ਰਾਜਪਾਲ ਨੇ ਜਾਣ-ਬੁੱਝ ਕੇ 'ਸਰਕਾਰ' ਸ਼ਬਦ ਦੀ ਵਰਤੋਂ ਕੀਤੀ**

*** ਗੁਮਰਾਹਕੁੰਨ ਅਤੇ ਬੇਬੁਨਿਆਦ ਬਿਆਨ ਰਾਹੀਂ ਰਾਜਪਾਲ ਦੇ ਆਪਣੇ ਅਹੁਦੇ ਦਾ ਅਪਮਾਨ ਕਰਨ ਉਤੇ ਮੁੱਖ ਮੰਤਰੀ ਨੇ ਅਫ਼ਸੋਸ ਪ੍ਰਗਟਾਇਆ**

ਚੰਡੀਗੜ੍ਹ, 12 ਜੂਨ (ਪੋਸਟ ਬਿਊਰੋ): ਪੰਜਾਬ ਦੇ ਰਾਜਪਾਲ ਨੂੰ ਢੁਕਵਾਂ ਜਵਾਬ ਦਿੰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਉਨ੍ਹਾਂ ਨੂੰ ਚੇਤੇ ਕਰਵਾਇਆ ਕਿ ਕਿਵੇਂ ਉਹ ਸੁਪਰੀਮ ਕੋਰਟ ਦੇ ਫੈਸਲੇ ਦਾ ਹਵਾਲਾ ਦੇ ਕੇ ਇਸ ਬਾਰੇ ਯਾਦ ਦਿਵਾਉਣ ਤੱਕ ਆਪਣੀ ਸੰਵਿਧਾਨਕ ਡਿਊਟੀ ਨਿਭਾਉਣ ਵਿੱਚ ਅਸਫ਼ਲ ਰਹੇ ਸਨ।

ਇੱਕ ਵੀਡੀਓ ਰਿਕਾਰਡਿੰਗ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਰਾਜਪਾਲ ਨੇ ਆਪਣਾ ਭਾਸ਼ਣ 'ਮੇਰੀ ਸਰਕਾਰ' ਸ਼ਬਦ ਤੋਂ ਸ਼ੁਰੂ ਕੀਤਾ ਸੀ ਪਰ ਜਦੋਂ ਵਿਰੋਧੀ ਧਿਰ ਵੱਲੋਂ ਬਿਨਾਂ ਕਿਸੇ ਤਰਕ ਦੇ ਰੌਲਾ ਪਾਇਆ ਗਿਆ ਤਾਂ ਉਨ੍ਹਾਂ ਨੇ ਸਿਰਫ਼ 'ਸਰਕਾਰ' ਸ਼ਬਦ ਦੀ ਵਰਤੋਂ ਕਰਨ ਨੂੰ ਤਰਜੀਹ ਦਿੱਤੀ। ਭਗਵੰਤ ਮਾਨ ਨੇ ਕਿਹਾ ਕਿ ਹਾਲਾਂਕਿ ਜਦੋਂ ਉਨ੍ਹਾਂ ਨੇ ਰਾਜਪਾਲ ਨੂੰ ਸੁਪਰੀਮ ਕੋਰਟ ਦੇ ਫੈਸਲੇ ਬਾਰੇ ਯਾਦ ਕਰਵਾਇਆ ਤਾਂ ਉਨ੍ਹਾਂ ਆਪਣਾ ਰੁਖ਼ ਬਦਲ ਲਿਆ ਅਤੇ 'ਮੇਰੀ ਸਰਕਾਰ' ਸ਼ਬਦ ਦੀ ਵਰਤੋਂ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਵਿਧਾਨ ਸਭਾ ਦੇ ਰਿਕਾਰਡ ਤੋਂ ਮਿਲੀ ਵੀਡੀਓ ਰਿਕਾਰਡਿੰਗ ਇਸ ਗੱਲ ਦਾ ਸਬੂਤ ਹੈ ਕਿ ਰਾਜਪਾਲ ਚੁਣੀ ਹੋਈ ਸੂਬਾ ਸਰਕਾਰ ਪ੍ਰਤੀ ਵਿਰੋਧੀ ਰਵੱਈਆ ਅਪਣਾ ਰਹੇ ਹਨ।



ਮੁੱਖ ਮੰਤਰੀ ਨੇ ਕਿਹਾ ਕਿ ਰਾਜਪਾਲ ਦੀ ਬੇਬੁਨਿਆਦ ਅਤੇ ਗੁਮਰਾਹਕੁੰਨ ਬਿਆਨਬਾਜ਼ੀ ਇਸ ਅਹੁਦੇ ਦੀ ਨਿਰਾਦਰੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਰਾਜਪਾਲ ਵੱਲੋਂ ਜਾਰੀ ਕੀਤੇ ਜਾ ਰਹੇ ਬਿਆਨ ਰਾਜ ਵਿਧਾਨ ਸਭਾ ਵਿੱਚ ਉਨ੍ਹਾਂ ਦੀਆਂ ਕਾਰਵਾਈਆਂ ਦੇ ਬਿਲਕੁਲ ਉਲਟ ਹਨ, ਜਿਨ੍ਹਾਂ ਦੇ ਰਿਕਾਰਡਿਡ ਸਬੂਤ ਵੀ ਹਨ। ਭਗਵੰਤ ਮਾਨ ਨੇ ਰਾਜਪਾਲ ਨੂੰ ਪੁੱਛਿਆ ਕਿ ਉਹ ਆਪਣੇ ਸੰਬੋਧਨ ਦੌਰਾਨ 'ਮੇਰੀ ਸਰਕਾਰ' ਸ਼ਬਦ ਦੀ ਵਰਤੋਂ ਨਾ ਕਰਕੇ ਆਪਣਾ ਸੰਵਿਧਾਨਕ ਫ਼ਰਜ਼ ਨਿਭਾਉਣ ਵਿੱਚ ਅਸਫ਼ਲ ਕਿਉਂ ਰਹੇ।

ਮੁੱਖ ਮੰਤਰੀ ਨੇ ਅਫ਼ਸੋਸ ਜਤਾਇਆ ਕਿ ਇਹ ਮੰਦਭਾਗਾ ਹੈ ਕਿ ਮੌਜੂਦਾ ਕੇਂਦਰੀ ਸ਼ਾਸਨ ਤਹਿਤ ਆਏ 'ਸਿਲੈਕਟਿਡ ਲੋਕ', 'ਇਲੈਕਟਿਡ ਨੁਮਾਇੰਦਿਆਂ' ਦੇ ਮਾਮਲਿਆਂ ਵਿੱਚ ਤਾਕ-ਝਾਕ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇ ਸੁਚਾਰੂ ਕੰਮਕਾਜ ਨੂੰ ਲੀਹੋਂ ਲਾਹੁਣ ਲਈ ਬੇਲੋੜੇ ਅੜਿੱਕੇ ਡਾਹੇ ਜਾ ਰਹੇ ਹਨ। ਭਗਵੰਤ ਮਾਨ ਨੇ ਕਿਹਾ ਕਿ ਅਸਲ ਵਿੱਚ ਰਾਜ ਭਵਨ ਹੁਣ ਭਾਜਪਾ ਦੇ ਸੂਬਾਈ ਹੈੱਡ-ਕੁਆਰਟਰ ਵਜੋਂ ਕੰਮ ਕਰ ਰਹੇ ਹਨ, ਜੋ ਭਾਰਤੀ ਜਮਹੂਰੀਅਤ ਲਈ ਬਹੁਤ ਖਤਰਨਾਕ ਰੁਝਾਨ ਹੈ।

## ਅੱਜ ਨਾਮਾ

ਕੀਤਾ ਕਹਿੰਦੇ ਗਵਰਨਰ ਨੇ ਫੇਰ ਸ਼ਿਕਵਾ,
ਕਰਦਾ ਪ੍ਰਵਾਹ ਨਹੀਂ ਮਾਨ ਭਗਵੰਤ ਬੇਲੀ।
ਲਿਖ ਕੇ ਚਿੱਠੀਆਂ ਕਈ ਮੈਂ ਵਾਰ ਪੁੱਛਿਆ,
ਹੋਏ ਸਭ ਹਵਾ ਵਿੱਚ ਪੱਤਰ ਉਡੰਤ ਬੇਲੀ।
ਮੰਨਿਆ ਕੋਰਟ ਸੁਪਰੀਮ ਦਾ ਹੁਕਮ ਨਾਹੀਂ,
ਥਾਂਉਂ-ਥਾਂ ਹੋਵੇ ਪਈ ਬਹਿਸ ਬੇਅੰਤ ਬੇਲੀ।
ਇਹੋ ਹੀ ਹਾਲਤ ਸਰਕਾਰ ਦੀ ਰਹੂ ਜੇਕਰ,
ਅੱਗੋਂ ਫਿਰ ਅਸੀਂ ਵੀ ਸਾਧ ਨਾ ਸੰਤ ਬੇਲੀ।
ਕੋਰਟ ਜਾਣ ਦੀ ਦਿੱਤੀ ਉਸ ਨਾਲ ਧਮਕੀ,
ਰਾਸ਼ਟਰਪਤੀ ਦਾ ਜ਼ਿਕਰ ਵੀ ਕੀਤੜਾ ਈ।
ਮੋੜਵਾਂ ਆ ਜਾਊ ਬਿਆਨ ਭਗਵੰਤ ਵਲੋਂ,
ਉਹ ਵੀ ਅੱਗੋਂ ਨਹੀਂ ਚੁੱਪ-ਚੁਪੀਤੜਾ ਈ।

**ਤੀਸ ਮਾਰ ਖਾਂ**

# ਐਲਨ ਮਸਕ ਦੀ ਕੰਪਨੀ ਵਿਚ ਸਭ ਤੋਂ ਘੱਟ ਉਮਰ ਦਾ ਨੌਜਵਾਨ ਸਪੇਸ ਇੰਜੀਨੀਅਰ ਬਣਿਆ 14 ਸਾਲਾ ਕੈਰਨ ਕਾਜੀ

ਲਾਸ ਏਂਜਲਸ, 12 ਜੂਨ (ਪੋਸਟ ਬਿਊਰੋ): ਲਾਸ ਏਂਜਲਸ ਦੇ 14 ਸਾਲਾਂ ਕੈਰਨ ਕਾਜੀ ਨੂੰ ਐਲਨ ਮਸਕ ਦੀ ਕੰਪਨੀ ਸਪੇਸਐਕਸ ਨੇ ਇੱਕ ਸਾਫਟਵੇਅਰ ਇੰਜੀਨੀਅਰ ਵਜੋਂ ਨਿਯੁਕਤ ਕੀਤਾ ਹੈ। ਕੈਰਨ ਨੇ ਹਾਲ ਹੀ ਵਿੱਚ ਕੰਪਨੀ ਦੇ ਤਕਨੀਕੀ ਤੌਰ 'ਤੇ ਚੁਣੌਤੀਪੂਰਨ ਅਤੇ ਮਜ਼ੇਦਾਰ ਇੰਟਰਵਿਊ ਨੂੰ ਕਲੀਅਰ ਕੀਤਾ ਹੈ। ਇਸ ਤੋਂ ਬਾਅਦ ਕੈਰਨ ਨੂੰ ਇਹ ਨੌਕਰੀ ਦੀ ਪੇਸ਼ਕਸ਼ ਕੀਤੀ ਗਈ ਹੈ।

ਇਹ ਵੱਖਰੀ ਗੱਲ ਹੈ ਕਿ ਉਹ ਇਸ ਮਹੀਨੇ ਦੇ ਅੰਤ ਵਿੱਚ ਸੈਂਟਾ ਕਲਾਰਾ ਯੂਨੀਵਰਸਿਟੀ ਤੋਂ ਕੰਪਿਊਟਰ ਇੰਜਨੀਅਰਿੰਗ ਵਿੱਚ ਆਪਣੀ ਗ੍ਰੈਜੂਏਸ਼ਨ ਪੂਰੀ ਕਰ ਲਵੇਗਾ। ਆਮ ਤੌਰ 'ਤੇ ਅਮਰੀਕਾ ਵਿੱਚ ਗ੍ਰੈਜੂਏਸ਼ਨ ਦੀ ਡਿਗਰੀ



22 ਸਾਲ ਦੀ ਉਮਰ ਵਿੱਚ ਪੂਰੀ ਕੀਤੀ ਜਾਂਦੀ ਹੈ। ਸੋਸ਼ਲ ਮੀਡੀਆ 'ਤੇ ਇਕ ਪੋਸਟ 'ਚ ਕੈਰਨ ਨੇ ਕਿਹਾ, 'ਮੈਂ'ਤੁਸੀਂ ਇਕ ਸਾਫਟਵੇਅਰ ਇੰਜੀਨੀਅਰ ਦੇ ਤੌਰ 'ਤੇ ਧਰਤੀ ਦੀ ਸਭ ਤੋਂ ਵਧੀਆ ਕੰਪਨੀ ਦੀ ਟੀਮ ਨਾਲ ਜੁੜ ਰਿਹਾ ਹਾਂ। ਇਹ ਉਹਨਾਂ ਕੰਪਨੀਆਂ ਵਿੱਚੋਂ ਇੱਕ ਹੈ ਜੋ ਪ੍ਰਤਿਭਾ ਨੂੰ ਵੇਖਦੀ ਹੈ ਨਾ ਕਿ ਉਮਰ ਨੂੰ, ਇਸ ਵਿੱਚ ਦਾਅਵਾ ਕੀਤਾ ਜਾ ਰਿਹਾ ਹੈ ਕਿ ਇਸ ਯੁੱਗ ਵਿੱਚ ਹੁਣ ਤੱਕ ਕੋਈ ਵੀ ਅਜਿਹਾ ਨਹੀਂ ਕਰ ਸਕਿਆ ਹੈ।

ਸਪੇਸਐਕਸ ਤੋਂ ਨੌਕਰੀ ਦੀ ਪੇਸ਼ਕਸ਼ ਮਿਲਣ ਤੋਂ ਬਾਅਦ ਉਹ ਦੁਨੀਆਂ ਦਾ ਸਭ ਤੋਂ ਘੱਟ ਉਮਰ ਦਾ ਨੌਜਵਾਨ ਸਪੇਸ ਇੰਜੀਨੀਅਰ ਬਣ ਗਿਆ ਹੈ। ਉਹ ਹੁਣ ਦੁਨੀਆ ਦੇ ਸਭ ਤੋਂ ਪ੍ਰਤਿਭਾਸ਼ਾਲੀ ਅਤੇ ਮਸ਼ਹੂਰ ਕੰਪਿਊਟਰ ਇੰਜੀਨੀਅਰਾਂ ਨਾਲ ਕੰਮ ਕਰੇਗਾ ਅਤੇ ਪੁਲਾੜ ਯਾਨ ਨੂੰ ਡਿਜ਼ਾਈਨ ਕਰਨ ਵਿੱਚ ਮੱਦਦ ਕਰੇਗਾ।

ਦੱਸਿਆ ਜਾਂਦਾ ਹੈ ਕਿ ਜਦੋਂ ਕੈਰਨ ਦੋ ਸਾਲ ਦਾ ਸੀ, ਉਦੋਂ ਹੀ ਉਸ ਦੇ ਮਾਤਾ-ਪਿਤਾ ਨੂੰ ਅਹਿਸਾਸ ਹੋਇਆ ਕਿ ਪੁੱਤਰ ਆਮ ਨਹੀਂ ਹੈ, ਕਿਉਂਕਿ ਉਦੋਂ ਹੀ ਉਹ ਪੂਰੇ ਵਾਕ ਬੋਲ ਸਕਦਾ ਸੀ। ਜਿਹੜੀਆਂ ਖ਼ਬਰਾਂ ਉਹ ਟੀ.ਵੀ.-ਰੇਡੀਓ 'ਤੇ ਸੁਣਦਾ ਸੀ, ਉਹ ਸਕੂਲ ਜਾ ਕੇ ਅਧਿਆਪਕਾਂ ਤੇ ਹੋਰ ਬੱਚਿਆਂ ਨੂੰ ਸੁਣਾਉਂਦਾ ਸੀ। ਜਦੋਂ ਉਹ ਤੀਸਰੀ ਕਲਾਸ ਵਿਚ ਆਇਆ ਤਾਂ ਅਧਿਆਪਕਾਂ ਨੂੰ ਇਹ ਗੱਲ ਸਪੱਸ਼ਟ ਹੋ ਗਈ ਸੀ ਕਿ ਇਸ ਬੱਚੇ ਦੀ ਸਿੱਖਣ ਦੀ ਕਾਬਲੀਅਤ ਇੰਨੀ ਤੇਜ਼ ਹੈ ਕਿ ਉਹ ਕੁਝ ਮਿੰਟਾਂ ਵਿਚ ਪੂਰਾ ਚੈਪਟਰ ਯਾਦ ਕਰ ਸਕਦਾ ਹੈ।

ਉਹ ਆਪਣੀ ਉਮਰ ਦੇ ਬੱਚਿਆਂ ਨਾਲੋਂ ਜ਼ਿਆਦਾ ਸਿਆਣਾ ਲੱਗਦਾ ਸੀ, ਉਸੇ ਤਰ੍ਹਾਂ ਗੱਲ ਕਰਦਾ ਸੀ। ਕੈਰਨ ਨੇ ਪਹਿਲਾਂ ਵੀ ਕਈ ਕੰਪਨੀਆਂ ਲਈ ਕੰਪਿਊਟਰ ਨਾਲ ਸਬੰਧਤ ਸਮੱਸਿਆਵਾਂ ਦਾ ਹੱਲ ਕੀਤਾ ਹੈ।





















# ਸਹੀ ਕਰੀਅਰ ਦੀ ਚੋਣ ਕਰਨ ਦੀ ਮਹੱਤਤਾ ਸਭ ਤੋਂ ਗੁੰਝਲਦਾਰ ਹੈ

- ਵਿਜੈ ਗਰਗ -

ਕਰੀਅਰ ਦੀ ਪਰਿਭਾਸ਼ਾ 'ਇੱਕ ਖਾਸ ਕਿੱਤੇ ਜਿਸ ਲਈ ਸਿਖਲਾਈ ਦਿੱਤੀ ਜਾਂਦੀ ਹੈ' ਵਜੋਂ ਕੀਤੀ ਜਾਂਦੀ ਹੈ। ਅਸੀਂ ਸਮਝਦੇ ਹਾਂ ਕਿ ਇਸਦਾ ਦੂਰਗਾਮੀ ਪ੍ਰਭਾਵ ਹੈ ਅਤੇ ਇਸਦਾ ਦਾਇਰਾ ਹੈ, ਇਸ ਤੋਂ ਵੀ ਵੱਧ, ਬਿਹਤਰ, ਜਿੰਨਾ ਅਸੀਂ ਕਦੇ ਮਹਿਸੂਸ ਕੀਤਾ ਹੈ। ਇਹ ਦ੍ਰਿਸ਼ ਪੁਰਾਣੇ ਜ਼ਮਾਨੇ ਵਿਚ ਸਪੱਸ਼ਟ ਨਹੀਂ ਸੀ, ਕਿਸੇ ਨੂੰ ਵੀ ਕੈਰੀਅਰ ਦੀ ਪਰਵਾਹ ਨਹੀਂ ਸੀ, ਹਰ ਕੋਈ ਜਿਸ ਵੀ ਪੇਸ਼ੇ ਦਾ ਪਿੱਛਾ ਕਰ ਰਿਹਾ ਸੀ ਉਸ ਤੋਂ ਖੁਸ਼ ਸੀ। ਉਦਯੋਗੀਕਰਨ ਅਤੇ ਵਿਸ਼ਵ ਅਰਥਵਿਵਸਥਾ ਵਿੱਚ ਸਿੱਖਿਆ ਦੇ ਵਾਧੇ ਨੇ ਸਾਨੂੰ ਕੈਰੀਅਰ ਦੀ ਮਹੱਤਤਾ ਦਾ ਅਹਿਸਾਸ ਕਰਵਾਇਆ ਅਤੇ ਇੱਕ ਕੈਰੀਅਰ ਦੀ ਯੋਜਨਾ ਕਿਵੇਂ ਬਣਾਈ ਜਾ ਸਕਦੀ ਹੈ। ਇਸ ਤਰ੍ਹਾਂ, ਜਦੋਂ ਅਸੀਂ ਸਿਰਫ਼ 'ਡਾਕਟਰ', 'ਇੰਜੀਨੀਅਰ' ਜਾਂ 'ਵਕੀਲ' ਹੋਣ ਬਾਰੇ ਸੋਚ ਸਕਦੇ ਸੀ, 21ਵੀਂ ਸਦੀ ਵਿੱਚ ਕਰੀਅਰ ਦੀ ਇੱਕ ਨਵੀਂ ਨਸਲ ਪੈਦਾ ਹੋਈ। ਹੁਣ, ਸਾਡੇ ਕੋਲ ਪਹਿਲਾਂ ਨਾਲੋਂ ਜ਼ਿਆਦਾ ਕਰੀਅਰ ਵਿਕਲਪ ਹਨ ਅਤੇ ਇਹਨਾਂ ਚੋਣਾਂ ਨੇ ਸਾਨੂੰ ਕੈਰੀਅਰ ਚੁਣਨ ਦੇ ਅਸੀਮਤ ਮੌਕੇ ਪ੍ਰਦਾਨ ਕੀਤੇ ਹਨ। ਉਲਟ ਪਾਸੇ, ਬਹੁਤ ਸਾਰੀਆਂ ਚੋਣਾਂ ਕਿਸੇ ਦੇ ਮਨ ਨੂੰ ਉਲਝਾਉਂਦੀਆਂ ਹਨ ਕਿ 'ਕਿਸੇ ਨੂੰ ਕਿਹੜਾ ਕਰੀਅਰ ਬਣਾਉਣਾ ਚਾਹੀਦਾ ਹੈ?'। ਸੰਭਾਵੀ ਉਮੀਦਵਾਰ ਦੀਆਂ ਮੁਸ਼ਕਲਾਂ ਨੂੰ ਵਧਾਉਣ ਲਈ, ਵਿਗਿਆਨ ਅਤੇ ਤਕਨਾਲੋਜੀ ਵਿੱਚ ਵੱਖ-ਵੱਖ ਸਫਲਤਾਵਾਂ ਨੇ 'ਨੇਵਰ ਹਰਡ ਆਫ਼' ਵਿਸ਼ੇਸ਼ਤਾਵਾਂ ਅਤੇ ਉਹਨਾਂ ਦੇ ਨਤੀਜੇ ਵਜੋਂ ਕਰੀਅਰ ਪੇਸ਼ ਕੀਤੇ ਹਨ। ਸਹੀ ਕਰੀਅਰ ਦੀ ਚੋਣ ਕਰਨ ਦੀ ਮਹੱਤਤਾ ਸਭ ਤੋਂ ਗੁੰਝਲਦਾਰ ਹੈ। ਅਜਿਹੇ ਪੇਸ਼ੇ ਹਨ ਜੋ 'ਇਨ ਡਿਮਾਂਡ' ਹਨ ਅਤੇ ਜੋ 'ਡਿਮਾਂਡ ਵਿੱਚ ਨਹੀਂ' ਹਨ। ਇਹ 'ਇਨ ਡਿਮਾਂਡ' ਪੇਸ਼ੇ ਲਾਹੇਵੰਦ ਹਨ ਅਤੇ ਉਨ੍ਹਾਂ ਦੇ ਵਿਰੋਧੀ ਹਮਰੁਤਬਾ ਨਹੀਂ ਹਨ। ਇੱਥੇ, ਕਿਸੇ ਲਈ ਇੱਕ ਕੈਰੀਅਰ ਚੁਣਨਾ ਆਸਾਨ ਹੋ ਜਾਂਦਾ ਹੈ ਜੋ ਸਪੱਸ਼ਟ ਹੈ - 'ਇਨ ਡਿਮਾਂਡ' ਵਾਲੇ। ਸਾਡੇ ਵਿੱਚੋਂ ਬਹੁਤਿਆਂ ਲਈ, ਜਦੋਂ ਕੈਰੀਅਰ ਨੂੰ ਅੱਗੇ ਵਧਾਉਣ ਦੀ ਗੱਲ ਆਉਂਦੀ ਹੈ ਤਾਂ ਪੈਸਾ ਸਭ ਤੋਂ ਮਹੱਤਵਪੂਰਨ ਹੁੰਦਾ ਹੈ। ਹਾਲਾਂਕਿ, ਸਾਡੇ ਵਿੱਚੋਂ ਕੁਝ ਇਸ ਬਾਰੇ ਭਾਵੁਕ ਹੁੰਦੇ ਹਨ ਕਿ ਅਸੀਂ ਕੀ ਕਰਦੇ ਹਾਂ ਅਤੇ ਅਸੀਂ ਆਪਣੇ ਵਿਸ਼ਵਾਸਾਂ ਦੀ ਬਜਾਏ ਆਪਣੀ ਪ੍ਰਵਿਰਤੀ ਦੀ ਪਾਲਣਾ ਕਰਦੇ ਹਾਂ। ਅਤੇ, ਕੁਝ ਅਜਿਹੇ ਹਨ ਜੋ ਜੇਬ ਵਿੱਚ ਵਧੇਰੇ ਪੈਸਾ ਪ੍ਰਦਾਨ ਕਰਨ ਵਾਲੀਆਂ ਉਨ੍ਹਾਂ ਦੀ ਪਾਲਣਾ ਕਰਨ ਦੀਆਂ ਆਪਣੀਆਂ ਇੱਛਾਵਾਂ ਨੂੰ ਰੋਕ ਦੇਣਗੇ। ਅਜਿਹੇ ਪੇਸ਼ੇਵਰ ਸ਼ਾਇਦ ਓਨੇ ਸਫਲ ਨਾ ਹੋਣ ਜਿੰਨੇ ਉਹ ਹੋਣੇ ਚਾਹੀਦੇ ਹਨ, ਹੋ ਸਕਦਾ ਹੈ ਕਿ ਉਹ ਓਨੇ ਕੁਸ਼ਲ ਨਾ ਹੋਣ ਜਿੰਨੇ ਉਨ੍ਹਾਂ ਦੀ ਨੌਕਰੀ ਦੀ ਲੋੜ ਹੈ ਅਤੇ ਭਾਵੇਂ ਉਹ ਸਫਲਤਾ ਪ੍ਰਾਪਤ ਕਰਦੇ ਹਨ, ਇਹ ਉਹਨਾਂ ਦੀਆਂ ਅਸਲ ਇੱਛਾਵਾਂ ਦੀ ਕੀਮਤ 'ਤੇ ਪ੍ਰਾਪਤ ਕੀਤਾ ਜਾਂਦਾ ਹੈ। ਫਿਰ ਸਾਡੇ ਵਿੱਚੋਂ ਉਹ ਲੋਕ ਹਨ ਜੋ ਭੰਬਲਭੂਸੇ ਵਿੱਚ ਹਨ ਕਿ ਕਿਹੜਾ ਕਰੀਅਰ ਚੁਣਨਾ ਹੈ? ਕਿਸਨੂੰ ਮਾਰਗਦਰਸ਼ਨ ਅਤੇ ਜਾਣਕਾਰੀ ਦੀ ਭਾਲ ਕਰਨੀ ਹੈ। ਇਹ ਇੱਥੇ ਹੈ ਕਿ ਸਾਡੀ ਭੂਮਿਕਾ ਲਾਗੂ ਹੁੰਦੀ ਹੈ, ਕਿਉਂਕਿ ਇਸ ਭਾਗ ਦਾ ਮੁੱਖ ਉਦੇਸ਼ ਤੁਹਾਨੂੰ ਸਭ ਤੋਂ ਵਧੀਆ ਸੰਭਵ ਤਰੀਕੇ ਨਾਲ ਮਾਰਗਦਰਸ਼ਨ ਕਰਨ 'ਤੇ ਅਧਾਰਤ ਹੈ ਅਤੇ ਸਭ ਤੋਂ ਸਸਤਾ ਵੀ! ਸਕੂਲੀ ਕਰੀਅਰ ਤੋਂ ਬਾਅਦ ਸਕੂਲੀ ਕਰੀਅਰ ਤੋਂ ਬਾਅਦ ਉਹਨਾਂ ਦਾ ਹਵਾਲਾ ਦਿੱਤਾ ਜਾ ਸਕਦਾ ਹੈ ਜੋ ਕਿਸੇ ਦੀ ਸਕੂਲੀ ਸਿੱਖਿਆ ਨੂੰ ਪੂਰਾ ਕਰਨ ਤੋਂ ਬਾਅਦ, ਜਿਆਦਾਤਰ ਉੱਚ ਸਕੂਲ ਜਾਂ ਸੈਕੰਡਰੀ ਸਕੂਲ ਸਿੱਖਿਆ ਤੋਂ ਬਾਅਦ ਕੀਤਾ ਜਾ ਸਕਦਾ ਹੈ। ਦੂਜੇ ਸ਼ਬਦਾਂ ਵਿਚ, ਕੈਰੀਅਰ ਜੋ ਗ੍ਰੈਜੂਏਸ਼ਨ ਤੋਂ ਪਹਿਲਾਂ ਅਪਣਾ ਸਕਦਾ ਹੈ। ਇੱਥੇ ਅਸੀਂ ਸਿਰਫ਼ ਗਰਮੀਆਂ ਦੀਆਂ ਨੌਕਰੀਆਂ ਜਾਂ ਨਿੰਬੂ ਪਾਣੀ ਦੀ ਵਿਕਰੀ ਨਾਲ ਕੰਮ ਨਹੀਂ ਕਰ ਰਹੇ ਹਾਂ ਪਰ ਅਸੀਂ ਇੱਕ ਵੱਡੀ ਤਸਵੀਰ ਦੇਖ ਰਹੇ ਹਾਂ। ਜਿਹੜੇ ਵਿਦਿਆਰਥੀ ਆਪਣੇ ਸਕੂਲ ਤੋਂ ਤੁਰੰਤ ਬਾਅਦ ਆਪਣਾ ਕਰੀਅਰ ਬਣਾਉਣਾ ਚਾਹੁੰਦੇ ਹਨ, ਉਹ ਆਪਣੇ ਹੁਨਰ ਅਤੇ ਰੁਚੀਆਂ ਦੇ ਆਧਾਰ 'ਤੇ ਵੱਖ-ਵੱਖ ਪੇਸ਼ਿਆਂ ਦੀ ਚੋਣ ਕਰ ਸਕਦੇ ਹਨ। ਗ੍ਰੈਜੂਏਸ਼ਨ ਆਧਾਰਿਤ ਕਰੀਅਰ ਦੇ ਮੁਕਾਬਲੇ ਇਹ ਸੁਵਿਧਾਜਨਕ ਅਤੇ ਕੁਝ ਅਰਥਾਂ ਵਿੱਚ ਅਤੇ ਮਾਮਲਿਆਂ ਵਿੱਚ ਲਾਭਦਾਇਕ ਕਰੀਅਰ ਹਨ। ਸੁਵਿਧਾਜਨਕ ਕਰੀਅਰ ਜ਼ਰੂਰੀ ਤੌਰ 'ਤੇ ਸਭ ਤੋਂ ਆਸਾਨ ਨਹੀਂ ਹੁੰਦੇ, ਉਹਨਾਂ ਨੂੰ ਬਹੁਤ ਜ਼ਿਆਦਾ ਮਿਹਨਤ ਜਾਂ ਇਸ ਤੋਂ ਵੀ ਵੱਧ ਦੀ ਲੋੜ ਹੁੰਦੀ ਹੈ, ਜਿਸ ਨੂੰ ਗ੍ਰੈਜੂਏਟ ਅੱਗੇ ਵਧਾਉਣਗੇ। ਉਹ ਇਸ ਅਰਥ ਵਿੱਚ ਸੁਵਿਧਾਜਨਕ ਹਨ ਕਿ ਉਹ ਸਕੂਲ ਤੋਂ ਪਾਸ ਹੋਣ ਤੋਂ ਬਾਅਦ ਪ੍ਰਾਪਤ ਕੀਤੇ ਜਾ ਸਕਦੇ ਹਨ ਕਿਉਂਕਿ ਉਹਨਾਂ ਨੂੰ ਗ੍ਰੈਜੂਏਸ਼ਨ ਦੀ ਲੋੜ ਨਹੀਂ ਹੁੰਦੀ ਹੈ। ਸਕੂਲ ਤੋਂ ਬਾਅਦ ਦੇ ਕੈਰੀਅਰ ਦੀ ਮੁਨਾਫ਼ਾ ਮੁੱਖ ਤੌਰ 'ਤੇ ਕਿਸੇ ਵਿਅਕਤੀ ਦੀ ਮੁਹਾਰਤ 'ਤੇ ਅਧਾਰਤ ਹੈ। ਇਸ ਮੁਹਾਰਤ 'ਤੇ ਨਿਰਭਰ ਕਰਦਿਆਂ, ਕੋਈ ਗ੍ਰੈਜੂਏਟ ਜਾਂ ਪੋਸਟ ਗ੍ਰੈਜੂਏਟ ਪੇਸ਼ੇਵਰ ਜਿੰਨਾ ਕਮਾ ਸਕਦਾ ਹੈ। ਵਿਦਿਆਰਥੀ 'ਸਕੂਲ ਕਰੀਅਰ ਤੋਂ ਬਾਅਦ' ਦੀ ਚੋਣ ਕਿਉਂ ਕਰਦੇ ਹਨ? ਬਹੁਤ ਸਾਰੇ ਵਿਦਿਆਰਥੀ 'ਸਕੂਲ ਕਰੀਅਰ ਤੋਂ ਬਾਅਦ' ਲਈ ਜਾਣ ਦੇ ਕਈ ਕਾਰਨ ਹਨ। ਇਹਨਾਂ ਨੂੰ ਹੇਠਾਂ ਸਮਝਾਇਆ ਗਿਆ ਹੈ: ਪੜ੍ਹਾਈ ਵਿੱਚ ਮਾੜੀ: ਬਹੁਤ ਸਾਰੇ ਲੋਕ ਪੜ੍ਹਾਈ ਵਿੱਚ ਚੰਗੇ ਨਹੀਂ ਹੁੰਦੇ ਭਾਵੇਂ ਉਨ੍ਹਾਂ ਕੋਲ ਏਉਂਚ ਬਿ। ਸਕੂਲ ਵਿੱਚ ਲਗਾਤਾਰ ਤੰਗ-ਪ੍ਰੇਸ਼ਾਨ ਅਤੇ ਸ਼ਰਮਿੰਦਗੀ ਉਹਨਾਂ ਨੂੰ ਬੇਇੱਜ਼ਤੀ ਸਹਿਣ ਲਈ ਕਾਲਜ ਵਿੱਚ ਕੁਝ ਸਾਲ ਹੋਰ ਲਟਕਾਉਣ ਦੀ ਬਜਾਏ ਸਕੂਲ ਦੀ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਆਪਣਾ ਕਰੀਅਰ ਬਣਾਉਣ ਲਈ ਮਜਬੂਰ ਕਰਦੀ ਹੈ। ਫੰਡਾਂ ਦੀ ਘਾਟ ਜਾਂ ਘਾਟ: ਬਹੁਤੇ ਵਿਦਿਆਰਥੀ ਜੋ ਜਲਦੀ ਤੋਂ ਜਲਦੀ ਕਮਾਈ ਕਰਨ ਲਈ ਉਤਸੁਕ ਹੁੰਦੇ ਹਨ ਉਹ ਅਜਿਹੇ ਕਰੀਅਰ ਲਈ ਜਾਂਦੇ ਹਨ। ਉਹਨਾਂ ਦੀ ਉਤਸੁਕਤਾ ਦਾ ਕਾਰਨ ਵਿੱਤੀ ਰੁਕਾਵਟਾਂ ਹਨ ਜੋ ਉਹਨਾਂ ਨੂੰ ਕਾਲਜ ਵਿੱਚ ਪੜ੍ਹਨ ਦੀ ਬਜਾਏ ਨੌਕਰੀ ਲੱਭਣ ਲਈ ਮਜਬੂਰ ਕਰਦੀਆਂ ਹਨ। ਤਜਰਬਾ: ਕੁਝ ਖਾਸ ਵਿਅਕਤੀ ਹਨ ਜੋ 'ਪਹਿਲੇ ਹੱਥੀਂ ਨੌਕਰੀ ਦਾ ਤਜਰਬਾ' ਚਾਹੁੰਦੇ ਹਨ। ਕਾਰਨ ਵੱਖੋ-ਵੱਖਰੇ ਹੋ ਸਕਦੇ ਹਨ, ਜਿਨ੍ਹਾਂ ਵਿੱਚੋਂ ਕੁਝ ਰਾਸ਼ਟਰੀ ਜਾਂ ਅੰਤਰਰਾਸ਼ਟਰੀ ਪੱਧਰ 'ਤੇ ਗ੍ਰੈਜੂਏਸ਼ਨ ਤੋਂ ਬਾਅਦ ਇੱਕ ਵੱਡੀ ਸਥਿਤੀ ਲਈ ਯੋਜਨਾ ਬਣਾ ਸਕਦੇ ਹਨ। ਕੁਝ ਮਾਮਲਿਆਂ ਵਿੱਚ, ਇਹ ਸਿਰਫ਼ ਰੀਜ਼ਿਊਮ ਵਜ਼ਨ ਦੀ ਉਮਰ ਜਾਂ ਸਿਰਫ਼ ਅਭਿਲਾਸ਼ੀ ਰਵੱਈਏ ਕਾਰਨ ਹੋ ਸਕਦਾ ਹੈ। ਸ਼ੁਰੂਆਤੀ ਸ਼ੁਰੂਆਤ: ਜਿਨ੍ਹਾਂ ਲੋਕਾਂ ਕੋਲ ਨੌਕਰੀਆਂ ਨਹੀਂ ਹਨ, ਉਨ੍ਹਾਂ ਨੂੰ ਜ਼ਿਆਦਾਤਰ ਉਦੋਂ ਵੀ ਨੀਵਾਂ ਸਮਝਿਆ ਜਾਂਦਾ ਹੈ ਜਦੋਂ ਉਨ੍ਹਾਂ ਨੇ ਹੁਣੇ ਸਕੂਲ ਪੂਰਾ ਕੀਤਾ ਹੈ। ਇਹ ਕਈਆਂ ਲਈ ਵੱਕਾਰ ਦਾ ਮੁੱਦਾ ਬਣ ਜਾਂਦਾ ਹੈ ਅਤੇ ਉਹ 'ਬੇਰੁਜ਼ਗਾਰ' ਵਜੋਂ ਟੈਗ ਕੀਤੇ ਜਾਣ ਦੀ ਬਜਾਏ ਰੁਜ਼ਗਾਰਦਾਤਾ ਵਜੋਂ ਜਾਣਿਆ ਜਾਣਾ ਚਾਹੁੰਦੇ ਹਨ। ਇਸ ਲਈ ਸਕੂਲ ਤੋਂ ਤੁਰੰਤ ਬਾਅਦ ਨੌਕਰੀ ਸਮਾਜ ਲਈ ਤੁਰੰਤ ਜਵਾਬ ਹੈ। ਕਾਫ਼ੀ ਸਿੱਖਿਆ: ਉਹ ਉਮੀਦਵਾਰ ਜੋ ਪੜ੍ਹਾਈ ਤੋਂ ਥੱਕ ਗਏ ਹਨ ਅਤੇ ਸਿੱਖਿਆ ਦੇ ਇਕਸਾਰ ਸ਼ਾਸਨ ਨਾਲ ਬੋਝ ਮਹਿਸੂਸ ਕਰਦੇ ਹਨ, ਉਹ ਅਜਿਹੇ ਕਰੀਅਰ ਦੀ ਚੋਣ ਕਰਦੇ ਹਨ। ਉਨ੍ਹਾਂ ਲਈ ਸਕੂਲੀ ਸਿੱਖਿਆ ਹੀ ਕਾਫੀ ਸਿੱਖਿਆ ਹੈ। ਉਹ ਗ੍ਰੈਜੂਏਸ਼ਨ ਬਾਰੇ ਘੱਟ ਤੋਂ ਘੱਟ ਪਰੇਸ਼ਾਨ ਹਨ। ਸੁਤੰਤਰਤਾ ਦੀ ਭਾਵਨਾ: ਸਕੂਲ ਪੂਰਾ ਕਰਨ ਤੋਂ ਬਾਅਦ ਸਾਡੇ ਵਿੱਚੋਂ ਬਹੁਤ ਸਾਰੇ ਅਜਿਹੇ ਹਨ ਜਿਨ੍ਹਾਂ ਦਾ ਇਹ ਵਿਚਾਰ ਹੈ ਕਿ ਉਹ ਆਪਣੇ ਮਾਪਿਆਂ ਨਾਲ ਕਾਫ਼ੀ ਰਹਿੰਦੇ ਹਨ ਅਤੇ ਹੁਣ ਅੱਗੇ ਵਧਣ ਦਾ ਸਮਾਂ ਹੈ। ਉਨ੍ਹਾਂ ਵਿੱਚੋਂ ਬਹੁਤਿਆਂ ਲਈ, ਇਹ ਪਰਿਵਾਰਕ ਕੰਮਾਂ ਤੋਂ ਛੁਟਕਾਰਾ ਅਤੇ ਅਧਿਕਾਰ ਤੋਂ ਆਜ਼ਾਦੀ ਹੈ। ਉਹ ਆਪਣੇ ਲਈ ਇੱਕ ਸਥਾਨ ਖੋਜਣਾ ਅਤੇ ਉੱਕਰਨਾ ਚਾਹੁੰਦੇ ਹਨ ਅਤੇ ਆਪਣੇ ਪੈਰਾਂ 'ਤੇ ਖੜੇ ਹੋਣਾ ਚਾਹੁੰਦੇ ਹਨ ਅਤੇ ਆਰਥਿਕ ਅਤੇ ਸਮਾਜਿਕ ਤੌਰ 'ਤੇ ਸੁਤੰਤਰ ਹੋਣਾ ਚਾਹੁੰਦੇ ਹਨ। ਕਾਲਜ ਫੀਸਾਂ ਲਈ ਸਰੋਤ: ਵੱਖ-ਵੱਖ ਸਕੂਲਾਂ ਵਿੱਚ ਪੜ੍ਹਾਈ ਮੁਫ਼ਤ ਹੈ ਪਰ ਜ਼ਰੂਰੀ ਨਹੀਂ ਕਿ ਕਾਲਜਾਂ ਵਿੱਚ। ਕਾਲਜ ਦੀ ਪੜ੍ਹਾਈ ਮਹਿੰਗੀ ਹੋ ਸਕਦੀ ਹੈ ਜੇਕਰ ਇਹ ਕਿਸੇ ਨਾਮਵਰ ਕਾਲਜ ਵਿੱਚ ਪੜ੍ਹੀ ਜਾਵੇ। ਇਹ ਉਹਨਾਂ ਲਈ ਪ੍ਰੇਰਣਾ ਦਾ ਸਰੋਤ ਬਣ ਜਾਂਦਾ ਹੈ ਜੋ ਇਸਨੂੰ ਆਪਣਾ ਚੁਣਿਆ ਹੋਇਆ ਕਾਲਜ ਬਣਾਉਣ ਲਈ ਦ੍ਰਿੜ ਹਨ। ਪੀਅਰ ਪ੍ਰੈਸ਼ਰ: ਕਈ ਵਾਰ ਵਿਦਿਆਰਥੀ ਆਪਣੇ ਦੋਸਤਾਂ ਦੀ ਪਾਲਣਾ ਕਰਦੇ ਹਨ। ਉਹ ਦੇਖਦੇ ਹਨ ਕਿ ਕੁਝ ਵਿਦਿਆਰਥੀ ਕਮਾ ਰਹੇ ਹਨ ਅਤੇ ਉਹ ਨਹੀਂ ਕਰ ਰਹੇ ਹਨ। ਇੱਥੇ ਹੀ ਉਨ੍ਹਾਂ 'ਤੇ ਅਸਿੱਧੇ ਤੌਰ 'ਤੇ ਨੌਕਰੀ ਲੈਣ ਲਈ ਦਬਾਅ ਪਾਇਆ ਜਾਂਦਾ ਹੈ। ਦੂਜੇ ਮਾਮਲਿਆਂ ਵਿੱਚ, ਉਹਨਾਂ ਨੂੰ ਕੋਈ ਕਿੱਤਾ ਨਾ ਰੱਖਣ ਲਈ ਛੇੜਿਆ ਜਾ ਸਕਦਾ ਹੈ ਭਾਵੇਂ ਇਹ ਪਾਰਟ-ਟਾਈਮ ਹੋਵੇ। ਸਕੂਲੀ ਕਰੀਅਰ ਤੋਂ ਬਾਅਦ ਆਮ ਸੇਲਜ਼ ਪ੍ਰਤੀਨਿਧੀ: ਇੱਕ ਵਿਦਿਆਰਥੀ ਜੋ ਸਭ ਤੋਂ ਆਸਾਨ ਕਰੀਅਰ ਬਣਾ ਸਕਦਾ ਹੈ, ਉਹ ਹੈ ਸੇਲਜ਼ ਪ੍ਰਤੀਨਿਧੀ। ਸੇਲਜ਼ ਪ੍ਰਤੀਨਿਧੀ ਦੀ ਨੌਕਰੀ ਪ੍ਰਾਪਤ ਕਰਨਾ ਆਸਾਨ ਹੈ ਪਰ ਫਿਰ ਇਹ ਇੱਕ ਆਸਾਨ ਕੈਰੀਅਰ ਦਾ ਰਸਤਾ ਨਹੀਂ ਹੈ ਪਰ ਜੇਕਰ ਸਹੀ ਰਵੱਈਏ ਅਤੇ ਤਕਨੀਕਾਂ ਨਾਲ ਅਪਣਾਇਆ ਜਾਵੇ ਤਾਂ ਵਿਅਕਤੀ ਸਮੇਂ ਦੇ ਇੱਕ ਮਾਮਲੇ ਵਿੱਚ ਉੱਚ ਪੱਧਰ ਤੱਕ ਪਹੁੰਚ ਸਕਦਾ ਹੈ। ਫ੍ਰੀਲਾਂਸ ਰਾਈਟਰ: ਜੇਕਰ ਤੁਸੀਂ ਅੰਗਰੇਜ਼ੀ 'ਤੇ ਮੁਹਾਰਤ ਰੱਖਦੇ ਹੋ ਅਤੇ ਰਚਨਾਤਮਕ ਲੇਖਣ ਲਈ ਜਨੂੰਨ ਰੱਖਦੇ ਹੋ ਤਾਂ ਤੁਸੀਂ ਫ੍ਰੀਲਾਂਸ ਲੇਖਕ ਬਣਨ ਲਈ ਢੁਕਵੇਂ ਉਮੀਦਵਾਰ ਹੋ। ਤਜ਼ਰਬੇ ਦੇ ਨਾਲ, ਕੋਈ ਵੀ ਵੱਖ-ਵੱਖ ਪ੍ਰਕਾਸ਼ਨਾਂ ਨਾਲ ਕੰਮ ਕਰ ਸਕਦਾ ਹੈ ਅਤੇ ਸਿਰਫ਼ ਇੱਕ ਕੰਮ ਲਈ ਚੰਗੀ ਰਕਮ ਕਮਾ ਸਕਦਾ ਹੈ। ਫਰੀਲਾਂਸ ਲੇਖਕ ਬਣਨ ਲਈ ਇਹ ਜ਼ਰੂਰੀ ਨਹੀਂ ਹੈ ਕਿ ਤੁਹਾਡੇ ਕੋਲ ਅੰਗਰੇਜ਼ੀ ਜਾਂ ਪੱਤਰਕਾਰੀ ਦੀ ਡਿਗਰੀ ਹੋਵੇ। ਐਨੀਮੇਟਰ: ਬੂਮਿੰਗ ਐਨੀਮੇਸ਼ਨ ਉਦਯੋਗ ਉਹਨਾਂ ਲਈ ਹੌਟਸਪੌਟ ਹੈ ਜੋ ਐਨੀਮੇਟਰ ਬਣਨ ਦੇ ਚਾਹਵਾਨ ਹਨ। ਹਾਲਾਂਕਿ ਬੁਨਿਆਦੀ ਕੰਪਿਊਟਰ ਗਿਆਨ ਲਾਜ਼ਮੀ ਹੈ, ਇਸ ਕੈਰੀਅਰ ਨੂੰ ਅੱਗੇ ਵਧਾਉਣ ਲਈ ਕਾਲਜ ਦੀ ਡਿਗਰੀ ਹੋਣੀ ਜ਼ਰੂਰੀ ਨਹੀਂ ਹੈ। ਤੁਹਾਨੂੰ ਸਿਰਫ਼ ਸਪਸ਼ਟ ਕਲਪਨਾ ਅਤੇ ਇਸ ਨੂੰ ਲੋੜੀਂਦੇ ਮਾਧਿਅਮ 'ਤੇ ਲਾਗੂ ਕਰਨ ਦੀ ਯੋਗਤਾ ਦੀ ਲੋੜ ਹੈ। ਗ੍ਰਾਫਿਕ ਕਲਾਕਾਰ: ਇਹ ਕਲਾਤਮਕ ਤੌਰ 'ਤੇ ਝੁਕਾਅ ਵਾਲੇ ਵਿਅਕਤੀਆਂ ਲਈ ਇੱਕ ਹੋਰ ਰਚਨਾਤਮਕ ਕਰੀਅਰ ਮਾਰਗ ਵੀ ਹੈ। ਗ੍ਰਾਫਿਕ ਕਲਾਕਾਰਾਂ ਨੂੰ ਆਪਣੇ ਗਾਹਕਾਂ ਦੀ ਜ਼ਰੂਰਤ ਨੂੰ ਦਰਸਾਉਣ ਲਈ ਚੰਗੀ ਵਿਜ਼ੂਅਲਾਈਜ਼ੇਸ਼ਨ ਅਤੇ ਰਚਨਾਤਮਕਤਾ ਦੀ ਲੋੜ ਹੁੰਦੀ ਹੈ। ਵਪਾਰਕ ਪਾਇਲਟ: ਕਮਰਸ਼ੀਅਲ ਪਾਇਲਟ ਇਕ ਹੋਰ ਖੇਤਰ ਹੈ ਜਿੱਥੇ ਯੋਗਤਾਵਾਂ ਨਾਲੋਂ ਹੁਨਰ ਜ਼ਿਆਦਾ ਮਹੱਤਵਪੂਰਨ ਹੁੰਦੇ ਹਨ, ਭਾਵੇਂ ਕਿ ਯੋਗਤਾਂ ਇੱਕ ਰਸਮੀਤਾ ਦਾ ਇੱਕ ਹੋਰ ਹੈ। ਇਹ ਇਸ ਲਈ ਹੈ ਕਿਉਂਕਿ ਜ਼ਿਆਦਾਤਰ ਪਾਇਲਟ ਅਕੈਡਮੀਆਂ ਨੂੰ ਪੂਰਵ-ਲੋੜੀਂਦੇ ਤੌਰ 'ਤੇ ਹਾਈ ਸਕੂਲਿੰਗ ਦੀ ਲੋੜ ਹੁੰਦੀ ਹੈ ਅਤੇ ਅੰਤ ਵਿੱਚ, ਇਹ ਫਲਾਈਟ ਅਨੁਭਵ ਦੀ ਮਾਤਰਾ ਹੈ ਜੋ ਸਭ ਤੋਂ ਵੱਧ ਗਿਣਦਾ ਹੈ। ਇਲੈਕਟ੍ਰੀਸ਼ੀਅਨ: ਜਿੰਨਾ ਚਿਰ ਬਿਜਲਈ ਉਪਕਰਨਾਂ ਦੀ ਵਰਤੋਂ ਕੀਤੀ ਜਾ ਰਹੀ ਹੈ, ਇਲੈਕਟ੍ਰੀਸ਼ੀਅਨ ਕਦੇ ਵੀ ਨੌਕਰੀਆਂ ਅਤੇ ਬਾਅਦ ਵਿੱਚ ਨਕਦੀ ਤੋਂ ਬਾਹਰ ਨਹੀਂ ਹੋਣਗੇ। ਇੱਥੇ ਕਈ ਡਿਪਲੋਮੇ ਅਤੇ ਸਿਖਲਾਈ ਕੋਰਸ ਹਨ ਜਿਨ੍ਹਾਂ ਲਈ ਇਲੈਕਟ੍ਰੀਸ਼ੀਅਨ ਬਣਨ ਲਈ ਸਿਰਫ਼ ਮੁਢਲੀ ਸਕੂਲੀ ਜਾਂ ਹਾਈ ਸਕੂਲਿੰਗ ਦੀ ਲੋੜ ਹੁੰਦੀ ਹੈ। ਡਿਸਕ ਜੌਕੀ: ਡਿਸਕ ਜੌਕੀ ਇਕ ਹੋਰ ਸੁਵਿਧਾਜਨਕ ਅਤੇ ਲਾਭਦਾਇਕ ਕਰੀਅਰ ਹੈ, ਖਾਸ ਤੌਰ 'ਤੇ ਉਨ੍ਹਾਂ ਲਈ ਜਿਨ੍ਹਾਂ ਕੋਲ 'ਸੰਗੀਤ ਲਈ ਕੰਨ' ਹੈ। ਇੱਥੇ ਜਨੂੰਨ ਵੀ ਇੱਕ ਪੇਸ਼ਾ ਬਣ ਜਾਂਦਾ ਹੈ। ਇਸ ਤੋਂ ਇਲਾਵਾ, ਕੋਈ ਵਿਅਕਤੀ ਕਾਫ਼ੀ ਸਮੇਂ ਦੇ ਤਜ਼ਰਬੇ ਤੋਂ ਬਾਅਦ ਆਪਣੀ ਸੰਗੀਤ ਐਲਬਮ ਵੀ ਜਾਰੀ ਕਰ ਸਕਦਾ ਹੈ। ਰੇਡੀਓ ਜੌਕੀ: ਪ੍ਰਾਈਵੇਟ ਰੇਡੀਓ ਪ੍ਰਚਲਿਤ ਹੈ ਇੱਥੋਂ ਤੱਕ ਕਿ ਵਿਦਿਅਕ ਸੰਸਥਾਵਾਂ ਦੇ ਆਪਣੇ ਚੈਨਲ ਹਨ, ਇੱਕ ਰੇਡੀਓ ਜੌਕੀ ਦਾ ਕੈਰੀਅਰ ਲਾਭਦਾਇਕ ਅਤੇ ਮੰਗ ਵਿੱਚ ਹੈ। ਸਭ ਨੂੰ ਇੱਕ ਚੰਗੀ ਆਵਾਜ਼ ਅਤੇ ਇੱਕ ਛੋਟੀ ਮਿਆਦ ਦੇ ਕੋਰਸ ਦੀ ਲੋੜ ਹੈ। ਕਾਲ ਸੈਂਟਰ ਐਗਜ਼ੀਕਿਊਟਿਵ: ਕਾਲ ਸੈਂਟਰ ਨਵੇਂ ਉਮੀਦਵਾਰਾਂ ਲਈ ਕਰੀਅਰ ਦੇ ਮੌਕੇ ਪ੍ਰਦਾਨ ਕਰਦੇ ਹਨ ਜਿਨ੍ਹਾਂ ਨੇ ਹੁਣੇ-ਹੁਣੇ ਆਪਣਾ ਹਾਈ ਸਕੂਲ ਜਾਂ ਸੀਨੀਅਰ ਸੈਕੰਡਰੀ ਸਕੂਲ ਪਾਸ ਕੀਤਾ ਹੈ। ਭਫੌਸ ਏਸ਼ੀਆਈ ਦੇਸ਼ਾਂ ਵਿੱਚ ਆਪਣੇ ਕਾਰੋਬਾਰ ਸਥਾਪਤ ਕਰ ਰਹੇ ਹਨ ਕਿਉਂਕਿ ਇਹ ਲਾਗਤ ਪ੍ਰਭਾਵਸ਼ਾਲੀ ਹੈ। ਹਾਲਾਂਕਿ ਕੁਝ ਗ੍ਰੈਜੂਏਸ਼ਨ ਲਈ ਪੁੱਛਦੇ ਹਨ ਬਹੁਤ ਸਾਰੇ ਅਜਿਹੇ ਹਨ ਜਿਨ੍ਹਾਂ ਨੂੰ 10+2 ਪਾਸ ਆਊਟ ਦੀ ਲੋੜ ਹੈ। ਸਪੋਰਟਸਪਰਸਨ: ਖੇਡਾਂ ਵਿੱਚ ਉੱਤਮ ਹੋਣਾ ਅਤੇ ਖਾਸ ਕਰਕੇ ਉਹ ਜੋ ਪੈਸੇ ਲਈ ਇੱਕ ਚੁੰਬਕ ਹਨ, ਆਪਣੇ ਆਪ ਵਿੱਚ ਇੱਕ ਅਜਿਹਾ ਕਰੀਅਰ ਹੈ ਜਿਸ ਲਈ ਇੱਕ ਅਨਪੜ੍ਹ ਵੀ ਇੱਕ ਭਵਿੱਖ ਤਿਆਰ ਕਰ ਸਕਦਾ ਹੈ। ਖੇਡਾਂ ਇੱਕ ਹੁਨਰ ਹੈ ਜਿਸ ਲਈ ਜ਼ਿਆਦਾਤਰ ਅਕਾਦਮਿਕ ਯੋਗਤਾਵਾਂ ਦੀ ਲੋੜ ਨਹੀਂ ਹੁੰਦੀ ਹੈ। ਹਾਲਾਂਕਿ ਸਕੂਲ ਪੂਰਾ ਕਰਨ ਤੋਂ ਬਾਅਦ ਕੋਈ ਨੌਕਰੀ ਪ੍ਰਾਪਤ ਕਰ ਸਕਦਾ ਹੈ, ਇਹ ਜ਼ਰੂਰੀ ਨਹੀਂ ਹੈ ਕਿ ਕਿਸੇ ਨੂੰ ਇਹ ਸਿਰਫ਼ ਇਸ ਲਈ ਹਾਸਲ ਕਰਨਾ ਚਾਹੀਦਾ ਹੈ ਕਿਉਂਕਿ ਉਹ ਹੋ ਸਕਦੇ ਹਨ ਜਾਂ ਕਿਉਂਕਿ ਉਹ ਉਪਲਬਧ ਹਨ। ਸਿੱਖਿਆ ਦੇ ਇਸ ਪੱਧਰ 'ਤੇ ਨੌਕਰੀਆਂ ਲਈ ਉਨਾ ਪੈਸਾ ਨਹੀਂ ਮਿਲੇਗਾ ਜਿੰਨਾ ਉੱਚ ਸਿੱਖਿਆ ਦੀ ਡਿਗਰੀ ਪ੍ਰਾਪਤ ਕਰਦਾ ਹੈ। ਇਸ ਤੱਥ ਦੇ ਅਪਵਾਦ ਹਨ ਪਰ ਜ਼ਿਆਦਾਤਰ ਇਹ ਵਿਆਪਕ ਤੌਰ 'ਤੇ ਲਾਗੂ ਹੋਣ ਵਾਲਾ ਤੱਥ ਹੈ। ਇਸ ਲਈ ਉੱਚ ਸਿੱਖਿਆ ਲਈ ਜਾਣਾ ਹਮੇਸ਼ਾ ਅਕਲਮੰਦੀ ਦੀ ਗੱਲ ਹੈ ਕਿਉਂਕਿ ਇਹ ਨਾ ਸਿਰਫ਼ ਉੱਚ ਪੱਧਰ ਦੀ ਆਮਦਨ, ਉੱਚੇ ਕੱਦ, ਸਗੋਂ ਉੱਚ ਪੱਧਰ ਦੀ ਬੁੱਧੀ ਵੀ ਪ੍ਰਦਾਨ ਕਰੇਗਾ। ਸਭ ਤੋਂ ਵੱਧ ਲਾਭਕਾਰੀ ਅਤੇ ਪ੍ਰਸਿੱਧ ਕਰੀਅਰ ਵਿਕਲਪ ਜਦੋਂ ਸਭ ਤੋਂ ਵੱਧ ਲਾਭਕਾਰੀ ਕਰੀਅਰ ਦੀ ਗੱਲ ਆਉਂਦੀ ਹੈ, ਤਾਂ ਅਤੀਤ ਅਤੇ ਵਰਤਮਾਨ ਵਿੱਚ ਥੋੜ੍ਹਾ ਜਿਹਾ ਬਦਲਾਅ ਹੁੰਦਾ ਹੈ। ਪਰੰਪਰਾਗਤ ਕੈਰੀਅਰ ਜਿਵੇਂ ਕਿ ਡਾਕਟਰ, ਇੰਜੀਨੀਅਰ, ਅਧਿਆਪਕ ਅਤੇ ਵਕੀਲ, ਅਜੇ ਵੀ ਆਪਣਾ ਆਧਾਰ ਰੱਖਦੇ ਹਨ ਪਰ ਆਈਟੀ ਸੈਕਟਰ ਬਹੁਤ ਤੇਜ਼ ਰਫ਼ਤਾਰ ਨਾਲ ਵਧ ਰਿਹਾ ਹੈ। ਵਰਤਮਾਨ ਅਤੇ ਭਵਿੱਖ ਦੇ ਕਰੀਅਰ ਲਈ ਕੰਪਿਊਟਰੀਕਰਨ ਦੀ ਲੋੜ ਹੁੰਦੀ ਹੈ ਕਿਉਂਕਿ ਨਵੀਂ ਤਕਨਾਲੋਜੀ ਇਸਦੇ ਰਵਾਇਤੀ ਹਮਰੁਤਬਾ ਨਾਲੋਂ ਉੱਤਮ ਹੈ। ਇਸ ਕਾਰਨ ਕਰਕੇ, ਸੂਚਨਾ ਤਕਨਾਲੋਜੀ ਅਧਾਰਤ ਕਰੀਅਰ ਇੱਥੇ ਰਹਿਣ ਲਈ ਹਨ। ਪਰੰਪਰਾਗਤ ਕਰੀਅਰ ਅਜੇ ਵੀ ਸਭ ਤੋਂ ਵੱਧ ਪਿੱਛਾ ਕਰ ਰਹੇ ਹਨ ਕਿਉਂਕਿ ਉਹ 'ਨੀਡ-ਬੇਸਡ' ਹਨ। ਹਾਲਾਂਕਿ, ਇਹ ਜ਼ਰੂਰੀ ਨਹੀਂ ਹੈ ਕਿ ਸਭ ਤੋਂ ਵੱਧ ਲਾਭਦਾਇਕ ਕਰੀਅਰ ਸਭ ਤੋਂ ਵੱਧ ਅਪਣਾਇਆ ਜਾਵੇਗਾ, ਉਦਾਹਰਣ ਵਜੋਂ ਹਰ ਕੋਈ ਰਾਜਨੀਤੀ ਵਿੱਚ ਸ਼ਾਮਲ ਹੋਣ ਜਾਂ ਸਰਕਾਰੀ ਠੇਕੇਦਾਰ ਬਣਨ ਨੂੰ ਤਰਜੀਹ ਨਹੀਂ ਦਿੰਦਾ। ਵੱਡੇ ਪੱਧਰ 'ਤੇ ਲੋਕ, ਰਵਾਇਤੀ ਪੇਸ਼ੇਵਰਾਂ 'ਤੇ ਨਿਰਭਰ ਹਨ ਕਿਉਂਕਿ ਉਹ ਉਨ੍ਹਾਂ ਦੇ ਜੀਵਨ ਦਾ ਜ਼ਰੂਰੀ ਹਿੱਸਾ ਬਣ ਗਏ ਹਨ। ਸਮਾਜ ਨੂੰ ਵੱਡੇ ਪੱਧਰ 'ਤੇ ਬਿਮਾਰੀਆਂ ਦੇ ਇਲਾਜ, ਬੱਚਿਆਂ ਨੂੰ ਸਿੱਖਿਅਤ ਕਰਨ, ਉਸਾਰੀ ਕਰਨ ਅਤੇ ਕਾਨੂੰਨੀ ਮੁਸ਼ਕਲਾਂ ਨਾਲ ਨਜਿੱਠਣ ਦੀ ਲੋੜ ਹੁੰਦੀ ਹੈ। ਕਿਸੇ ਸਮੇਂ ਜਾਂ ਦੂਜੇ ਸਮੇਂ ਅਤੇ ਕੁਝ ਮਾਮਲਿਆਂ ਵਿੱਚ ਹੋਰ ਵੀ ਅਕਸਰ, ਸਾਨੂੰ ਇਹਨਾਂ ਪੇਸ਼ੇਵਰਾਂ ਦੀਆਂ ਸੇਵਾਵਾਂ ਦੀ ਲੋੜ ਹੁੰਦੀ ਹੈ। ਇਸ ਲਈ ਭਾਵੇਂ ਆਰਥਿਕਤਾ ਹੇਠਾਂ ਹੋਵੇ ਜਾਂ ਉੱਪਰ, ਇਹ ਕੈਰੀਅਰ ਪ੍ਰਭਾਵਿਤ ਨਹੀਂ ਹੁੰਦੇ ਕਿਉਂਕਿ ਇਹ ਕਿਸੇ ਵੀ ਪੱਧਰ 'ਤੇ ਕਿਸੇ ਵੀ ਅਥਾਰਟੀ ਦੇ ਪ੍ਰਭਾਵਸ਼ਾਲੀ ਕੰਮਕਾਜ ਲਈ ਜ਼ਰੂਰੀ ਹੁੰਦੇ ਹਨ। ਹੈਲਥ ਕੇਅਰ: ਹੈਲਥਕੇਅਰ ਕਰੀਅਰ ਹਮੇਸ਼ਾ ਸਭ ਤੋਂ ਵੱਧ ਪਿੱਛਾ ਕੀਤਾ ਗਿਆ ਹੈ ਅਤੇ ਕਿਉਂ ਨਹੀਂ? ਸਭ ਤੋਂ ਪਹਿਲਾ ਅਤੇ ਸਭ ਤੋਂ ਵੱਡਾ ਕਾਰਨ ਇਹ ਹੈ ਕਿ ਇਹ ਬਹੁਤ ਜ਼ਿਆਦਾ ਅਦਾਇਗੀ ਅਤੇ ਸਨਮਾਨਯੋਗ ਹਨ। ਕਈ ਤਰ੍ਹਾਂ ਦੇ ਹੈਲਥਕੇਅਰ ਪੇਸ਼ੇ ਉੱਭਰ ਰਹੇ ਹਨ ਜਦੋਂ ਕਿ ਕੁਝ ਆਪਣੇ ਆਪ ਨੂੰ ਵਿਸ਼ੇਸ਼ ਤੌਰ 'ਤੇ ਸਥਾਪਿਤ ਕੀਤੇ ਗਏ ਹਨ। ਡਾਕਟਰ ਅਤੇ ਹੋਰ ਸਬੰਧਤਪੇਸ਼ਾਵਰ ਕਦੇ ਵੀ ਨੌਕਰੀ ਤੋਂ ਬਾਹਰ ਨਹੀਂ ਹੋਣਗੇ ਕਿਉਂਕਿ ਸਿਹਤ ਇੱਕ ਅਜਿਹੀ ਚੀਜ਼ ਹੈ ਜੋ ਇੱਕ ਨਾ ਇੱਕ ਦਿਨ ਜਾਂ ਕਿਸੇ ਹੋਰ ਸ਼ਿਸ਼ਟਾਚਾਰ ਨਾਲ ਬੈਠਣ ਵਾਲੀ ਜੀਵਨ ਸ਼ੈਲੀ ਅਤੇ ਵਾਤਾਵਰਣ ਨੂੰ ਨੁਕਸਾਨ ਪਹੁੰਚਾਉਣ ਵਾਲੀ ਹੈ। ਊਰਜਾ: ਸਾਰੇ ਕਾਰੋਬਾਰਾਂ ਅਤੇ ਹੋਰ ਗਤੀਵਿਧੀਆਂ ਲਈ ਊਰਜਾ ਦੀ ਲੋੜ ਹੁੰਦੀ ਹੈ ਅਤੇ ਕੌਣ ਬਿਜਲੀ ਤੋਂ ਬਿਨਾਂ ਜੀਵਨ ਦੀ ਕਲਪਨਾ ਕਰ ਸਕਦਾ ਹੈ। ਊਰਜਾ ਦੀ ਵੱਧ ਰਹੀ ਲੋੜ ਅਤੇ ਊਰਜਾ ਦੇ ਬਦਲਵੇਂ ਸਰੋਤਾਂ ਦੇ ਨਾਲ, ਊਰਜਾ ਨਾਲ ਨਜਿੱਠਣ ਵਾਲੇ ਇੰਜੀਨੀਅਰਾਂ ਅਤੇ ਹੋਰ ਮਾਹਰਾਂ ਲਈ ਕਾਫ਼ੀ ਗੁੰਜਾਇਸ਼ ਹੈ। ਇਸੇ ਲਈ ਇਸ ਤਕਨੀਕੀ ਖੇਤਰ ਨੂੰ ਸਭ ਤੋਂ ਵੱਧ ਲਾਭਕਾਰੀ ਖੇਤਰ ਵਿੱਚ ਗਿਣਿਆ ਜਾਂਦਾ ਹੈ। ਸਿੱਖਿਆ: ਕਰੀਅਰ ਖੁਦ ਸਿੱਖਿਆ 'ਤੇ ਅਧਾਰਤ ਹੁੰਦੇ ਹਨ ਅਤੇ ਜੇਕਰ ਤੁਹਾਡੇ ਕੋਲ ਉਚਿਤ ਯੋਗਤਾਵਾਂ ਨਹੀਂ ਹਨ ਤਾਂ ਤੁਸੀਂ ਬੇਰੁਜ਼ਗਾਰ ਜਾਂ ਘੱਟ ਤਨਖਾਹ ਵਾਲੇ ਹੋਵੋਗੇ। ਸਿੱਖਿਆ ਸਾਨੂੰ ਕਈ ਤਰੀਕਿਆਂ ਨਾਲ ਸ਼ਕਤੀ ਪ੍ਰਦਾਨ ਕਰਦੀ ਹੈ ਅਤੇ ਸਸ਼ਕਤ ਹੋਣ ਦਾ ਇੱਕੋ ਇੱਕ ਤਰੀਕਾ ਸਕੂਲਾਂ ਦੁਆਰਾ ਹੈ। ਬੱਚਿਆਂ ਤੋਂ ਇਲਾਵਾ, ਅਜਿਹੇ ਬਾਲਗ ਹਨ ਜੋ ਆਪਣੀ ਬਚੀ ਹੋਈ ਪੜ੍ਹਾਈ ਨੂੰ ਅੱਗੇ ਵਧਾਉਣਾ ਚਾਹੁੰਦੇ ਹਨ ਜਾਂ ਉੱਚ ਸਿੱਖਿਆ ਪ੍ਰਾਪਤ ਕਰਨਾ ਚਾਹੁੰਦੇ ਹਨ। ਇਸ ਲਈ ਅਧਿਆਪਕਾਂ, ਲੈਕਚਰਾਰਾਂ, ਟ੍ਰੇਨਰਾਂ ਆਦਿ ਦੀ ਜਨਤਾ ਨੂੰ ਸਿੱਖਿਆ ਦੇਣ ਲਈ ਹਮੇਸ਼ਾ ਲੋੜ ਹੁੰਦੀ ਹੈ। ਸੂਚਨਾ ਟੈਕਨਾਲੋਜੀ: ਇਨਫਰਮੇਸ਼ਨ ਟੈਕਨਾਲੋਜੀ ਉਹਨਾਂ ਲੋਕਾਂ ਵਿੱਚ ਨਵਾਂ 'ਬਜ਼ ਵਰਡ' ਹੈ ਜੋ ਕੈਰੀਅਰ ਤੋਂ ਸੁਚੇਤ ਹਨ। ਕੁਸ਼ਲਤਾ ਅਤੇ ਪ੍ਰਭਾਵ ਪੈਦਾ ਕਰਨ ਲਈ ਹਰ ਪੱਧਰ 'ਤੇ ਕੰਪਿਊਟਿੰਗ ਕੀਤੀ ਜਾ ਰਹੀ ਹੈ। ਇੰਟਰਨੈੱਟ 'ਤੇ ਬਹੁਤ ਸਾਰੇ ਕਾਰੋਬਾਰ ਅਤੇ ਸੰਚਾਰ ਕੀਤੇ ਜਾਂਦੇ ਹਨ ਕਿਉਂਕਿ ਇਹ ਤੇਜ਼ ਅਤੇ ਸੁਵਿਧਾਜਨਕ ਹੈ। ਲੋਕ ਅੱਜ ਆਪਣੇ ਘਰਾਂ 'ਤੇ ਬੈਠ ਕੇ ਖਰੀਦਦਾਰੀ ਕਰਦੇ ਹਨ ਅਤੇ ਇਸ ਦੇ ਸਰੋਤਾਂ ਦੀ ਵਰਤੋਂ ਕਰਕੇ ਵਰਚੁਅਲ ਮੀਟਿੰਗਾਂ ਦਾ ਆਯੋਜਨ ਕਰਦੇ ਹਨ। ਅੱਜ ਸੂਚਨਾ ਤਕਨਾਲੋਜੀ ਸਾਡੇ ਜੀਵਨ ਦੇ ਸਾਰੇ ਪਹਿਲੂਆਂ ਨੂੰ ਘੇਰ ਰਹੀ ਹੈ। ਇਸ ਦਾ ਕੰਮਕਾਜ ਅਤੇ ਰੱਖ-ਰਖਾਅ ਇਸ ਲਈ ਜ਼ਰੂਰੀ ਹੈ, ਜਿਸ ਨਾਲ ਠਿ ਕਰੀਅਰ ਲਾਭਦਾਇਕ ਅਤੇ ਪ੍ਰਸਿੱਧ ਬਣਦੇ ਹਨ। ਫਾਰਮਾਸਿਊਟੀਕਲ: ਦਵਾਈਆਂ ਅਤੇ ਹੋਰ ਸੰਬੰਧਿਤ ਉਤਪਾਦ ਹਮੇਸ਼ਾ ਉਦੋਂ ਤੱਕ ਵਰਤੇ ਜਾਣਗੇ ਜਦੋਂ ਤੱਕ ਡਾਕਟਰ ਉਹਨਾਂ ਨੂੰ ਤਜਵੀਜ਼ ਦਿੰਦੇ ਹਨ। ਭਾਵੇਂ ਕੋਈ ਵਿਅਕਤੀ ਤਜਵੀਜ਼ਸ਼ੁਦਾ ਦਵਾਈ ਨਹੀਂ ਲੈ ਰਿਹਾ ਹੈ, ਫਿਰ ਵੀ ਕੋਈ ਸ਼ੈਲਫ ਤੋਂ ਬਾਹਰ ਦੀਆਂ ਦਵਾਈਆਂ ਲੈਂਦਾ ਹੈ। ਹਰ ਰੋਜ਼ ਟਨ ਦਵਾਈਆਂ ਦਾ ਉਤਪਾਦਨ ਹੁੰਦਾ ਹੈ ਅਤੇ ਜੋ ਇਸ ਦੇ ਨਿਰਮਾਣ, ਪੈਕੇਜਿੰਗ, ਵੰਡ ਆਦਿ ਵਿੱਚ ਸ਼ਾਮਲ ਹੁੰਦੇ ਹਨ ਉਹ ਵੀ ਕਦੇ ਵੀ ਕਾਰੋਬਾਰ ਤੋਂ ਬਾਹਰ ਨਹੀਂ ਹੋਣਗੇ ਕਿਉਂਕਿ ਇਹ ਇੱਕ ਵਾਰ ਫਿਰ ਲੋੜ-ਅਧਾਰਤ ਕੈਰੀਅਰ ਹੈ। ਕਾਨੂੰਨ: ਹਰ ਸੰਸਥਾ ਦੇ ਛੋਟੇ ਜਾਂ ਵੱਡੇ ਕੋਲ ਵੱਖ-ਵੱਖ ਕਾਨੂੰਨੀ ਮਾਮਲਿਆਂ ਨਾਲ ਨਜਿੱਠਣ ਲਈ ਕਾਨੂੰਨੀ ਸਲਾਹਕਾਰ ਹੁੰਦੇ ਹਨ। ਫਿਰ ਵਿਵਾਦ, ਅਪਰਾਧਿਕ ਗਤੀਵਿਧੀਆਂ, ਅਪਰਾਧ ਅਤੇ ਹੋਰ ਬਹੁਤ ਸਾਰੀਆਂ ਗਤੀਵਿਧੀਆਂ ਹਨ ਜਿਨ੍ਹਾਂ ਨੂੰ ਹੱਲ ਕਰਨ ਲਈ ਕਾਨੂੰਨੀ ਹੁਨਰ ਦੀ ਲੋੜ ਹੁੰਦੀ ਹੈ। ਭੋਜਨ: ਭੋਜਨ ਸਰੀਰ ਦੇ ਸਹੀ ਕੰਮਕਾਜ ਲਈ ਮੁੱਢਲੀ ਲੋੜ ਹੈ। ਮੰਦਵਾੜਾ ਜਾਂ ਕੋਈ ਮੰਦੀ ਨਹੀਂ, ਸਾਨੂੰ 'ਦਿਨ ਨੂੰ ਬਣਾਉਣ' ਲਈ ਉਨ੍ਹਾਂ ਕੈਲੋਰੀਆਂ ਦੀ ਜ਼ਰੂਰਤ ਹੈ। ਅਸੀਂ ਲੰਬੇ ਸਮੇਂ ਤੱਕ ਭੁੱਖ ਨੂੰ ਨਜ਼ਰਅੰਦਾਜ਼ ਨਹੀਂ ਕਰ ਸਕਦੇ ਅਤੇ ਸਨੈਕਸ ਸਾਡੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣ ਗਏ ਹਨ। ਫੂਡ ਇੰਡਸਟਰੀ ਵੀ ਸਭ ਤੋਂ ਵੱਧ ਲਾਭਕਾਰੀ ਅਤੇ ਅੱਗੇ ਵਧਣ ਵਾਲੇ ਕਰੀਅਰਾਂ ਵਿੱਚੋਂ ਇੱਕ ਰਹੇਗੀ। ਲੇਖਾ-ਜੋਖਾ: ਜ਼ਿੰਦਗੀ ਵਿੱਚ ਕੁਝ ਅਜਿਹਾ ਹੁੰਦਾ ਹੈ ਜਿਸ ਤੋਂ ਬਚਿਆ ਨਹੀਂ ਜਾ ਸਕਦਾ - ਮੌਤ ਅਤੇ ਟੈਕਸ ਦੋ ਸਭ ਤੋਂ ਅਟੱਲ ਚੀਜ਼ਾਂ ਹਨ ਜੋ ਤੁਹਾਡੇ ਨਾਲ ਜਲਦੀ ਜਾਂ ਬਾਅਦ ਵਿੱਚ ਆ ਜਾਣਗੀਆਂ। ਅਤੇ ਇਹਨਾਂ ਅਤੇ ਇਹਨਾਂ ਦੇ ਨਤੀਜੇ ਵਜੋਂ ਹੋਣ ਵਾਲੀਆਂ ਗਤੀਵਿਧੀਆਂ ਦਾ ਲੇਖਾ ਜੋਖਾ ਕੌਣ ਰੱਖਦਾ ਹੈ, ਇਸਦਾ ਜਵਾਬ ਸਪੱਸ਼ਟ ਹੈ। ਵਧਦੀਆਂ ਲਾਗਤਾਂ ਅਤੇ ਮੰਦੀ ਕੰਪਨੀਆਂ ਨੂੰ ਵਧੇਰੇ ਲਾਗਤ-ਬਚਤ ਉਪਾਵਾਂ ਅਤੇ ਖਰਚਿਆਂ ਦੀ ਜਾਂਚ ਲਈ ਬੇਚੈਨ ਬਣਾਉਂਦੀਆਂ ਹਨ। ਸਰਕਾਰੀ ਕੰਟਰੈਕਟਿੰਗ: ਹਰ ਕੋਈ ਇਸ ਕੈਰੀਅਰ ਬਾਰੇ ਜਾਣੂ ਨਹੀਂ ਹੈ ਅਤੇ ਇੱਥੋਂ ਤੱਕ ਕਿ ਜੋ ਜਾਣੂ ਹਨ ਉਨ੍ਹਾਂ ਨੂੰ ਇਹ ਬਹੁਤ ਬੋਰਿੰਗ ਲੱਗਦਾ ਹੈ। ਪਰ ਇਸ ਨੂੰ ਪਸੰਦ ਕਰੋ ਜਾਂ ਨਾ ਕਰੋ, ਸਰਕਾਰੀ ਠੇਕੇਦਾਰ ਬਹੁਤ ਕਮਾਈ ਕਰਦੇ ਹਨ ਅਤੇ ਉਹਨਾਂ ਦੇ ਸਾਲਾਂ ਨੂੰ ਵਿੱਤੀ, ਆਸਾਨ ਬਣਾਉਣ ਲਈ ਇੱਕ ਇੱਕਲਾ ਪ੍ਰੋਜੈਕਟ ਕਾਫੀ ਹੁੰਦਾ ਹੈ। ਸਾਰੀਆਂ ਨਾਗਰਿਕ ਸੁਵਿਧਾਵਾਂ ਦੀ ਹਮੇਸ਼ਾ ਲੋੜ ਹੁੰਦੀ ਹੈ ਅਤੇ ਇਸ ਦੀ ਸਾਂਭ-ਸੰਭਾਲ ਵੀ ਹੁੰਦੀ ਹੈ। ਪੁਲ, ਸੜਕਾਂ, ਨਿਰਮਾਣ ਆਦਿ ਦਾ ਕੰਮ ਕਰਨਾ ਪੈਂਦਾ ਹੈ ਅਤੇ ਸਰਕਾਰੀ ਕੰਮਾਂ ਲਈ ਆਪਣੇ ਕੰਮ ਦਾ ਠੇਕਾ ਦੇਣਾ ਬਹੁਤ ਸੁਰੱਖਿਅਤ ਕੈਰੀਅਰ ਹੈ। ਰਾਜਨੀਤੀ: ਰਾਜਨੀਤੀ ਸਭ ਤੋਂ ਵੱਧ ਪ੍ਰਸਿੱਧ ਨਹੀਂ ਹੈ ਪਰ ਇਹ ਸਭ ਤੋਂ ਵੱਧ ਲਾਭਕਾਰੀ ਹੈ। ਇਸ ਨੂੰ 'ਡਰਟੀ ਗੇਮ' ਕਹੋ ਜਾਂ ਜੋ ਵੀ ਹੋਵੇ, ਸਿਆਸਤਦਾਨ ਹਮੇਸ਼ਾ ਆਲੇ-ਦੁਆਲੇ ਹੀ ਰਹਿਣਗੇ। ਸਰਕਾਰ ਅਸਲ ਵਿੱਚ ਉਨ੍ਹਾਂ ਦੁਆਰਾ ਚਲਾਈ ਜਾਂਦੀ ਹੈ ਅਤੇ ਭਾਵੇਂ ਮੰਦੀ ਹੋਵੇ, ਜਨਤਕ ਅਧਿਕਾਰੀ ਫਿਰ ਵੀ ਚੰਗੀ ਕਮਾਈ ਕਰਦੇ ਰਹਿੰਦੇ ਹਨਾ। ਪੈਸੇ। ਸੇਵਾਮੁਕਤੀ ਤੋਂ ਬਾਅਦ ਵੀ ਉਨ੍ਹਾਂ ਨੂੰ ਪੈਨਸ਼ਨ ਮਿਲਦੀ ਰਹਿੰਦੀ ਹੈ।

# ਸੁਖਦੇਵ ਮਾਦਪੁਰੀ ਨੂੰ ਯਾਦ ਕਰਦਿਆਂ

12 ਜੂਨ 1935 ਨੂੰ ਪਿੰਡ ਮਾਦਪੁਰ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ ਵਿਖੇ ਪਿਤਾ ਸ: ਦਿਆ ਸਿੰਘ ਅਤੇ ਮਾਤਾ ਸੁਰਜੀਤ ਕੌਰ ਦੇ ਘਰ ਸੁਖਦੇਵ ਮਾਦਪੁਰੀ ਦਾ ਜਨਮ ਹੋਇਆ। ਆਪਣੇ ਪਿੰਡ ਤੋਂ ਪ੍ਰਾਇਮਰੀ ਦੀ ਪੜ੍ਹਾਈ ਕੀਤੀ,ਮੈਟ੍ਰਿਕ ਜਸਪਾਲੋਂ ਤੋਂ ਅਤੇ ਜੇ।ਬੀ।ਟੀ ਕੁਰਾਲੀ ਤੋਂ ਕਰਕੇ ਮਾਦਪੁਰੀ ਪਿੰਡ ਢਿੱਲਵਾਂ, ਜ਼ਿਲ੍ਹਾ ਲੁਧਿਆਣਾ 'ਚ ਪ੍ਰਾਇਮਰੀ ਸਕੂਲ 'ਚ 19 ਮਈ 1954 ਨੂੰ ਅਧਿਆਪਕ ਵੱਜੋਂ ਲੱਗ ਗਏ ਤੇ 1978 ਤੱਕ ਆਪਣੀ ਡਿਊਟੀ ਨਿਭਾਉਂਦੇ ਰਹੇ। ਇਸ ਸਮੇਂ ਦੌਰਾਨ ਹੀ ਉਨ੍ਹਾਂ ਦਾ ਸਾਹਿਤਕ ਸਫ਼ਰ ਸ਼ੁਰੂ ਹੋਇਆ ਮੰਨਿਆ ਜਾਂਦਾ ਹੈ। ਇਸ ਦੌਰਾਨ ਨਾਲ਼-ਨਾਲ਼ ਹੀ ਉਹਨਾਂ ਨੇ ਪ੍ਰਾਈਵੇਟ ਤੌਰ ਤੇ ਆਪਣੀ ਪੜ੍ਹਾਈ ਜਾਰੀ ਰੱਖੀ ਅਤੇ ਪੰਜਾਬੀ ਦੀ ਐਮ।ਏ। ਕਰ ਲਈ।

1978 ਤੋਂ 80 ਤਕ 'ਪੰਜਾਬ ਸਕੂਲ ਸਿੱਖਿਆ ਬੋਰਡ' ਵਿਚ ਬਤੌਰ ਵਿਸ਼ਾ ਮਾਹਿਰ ਸੇਵਾ ਨਿਭਾਈ। 1980 ਤੋਂ 1993 ਤਕ ਸਿੱਖਿਆ ਬੋਰਡ ਦੇ ਬੱਚਿਆਂ ਲਈ ਨਿਕਲਦੇ ਪਰਚਿਆਂ 'ਪੰਖੜੀਆਂ' ਅਤੇ 'ਪ੍ਰਾਇਮਰੀ ਸਿੱਖਿਆ' ਦਾ ਸੰਪਾਦਨ ਕੀਤਾ। 'ਪੰਜਾਬ ਸਕੂਲ ਸਿੱਖਿਆ ਬੋਰਡ' ਮੋਹਾਲੀ ਤੋਂ ਹੀ ਉਹ ਬਤੌਰ ਸਹਾਇਕ ਡਾਇਰੈਕਟਰ ਸੇਵਾ ਨਿਵਰਿਤ ਹੋਇਆ ਅਤੇ 1993 ਤੋਂ 1996 ਤਕ 'ਪੰਜਾਬੀ ਬਾਲ ਸਾਹਿਤ ਪ੍ਰਾਜੈਕਟ' ਦੇ ਸੰਚਾਲਕ ਵਜੋਂ ਕਾਰਜ ਕੀਤਾ। ਉਹ ਬਹੁਪੱਖੀ ਸਾਹਿਤਕਾਰ ਸਨ, ਕਵੀ ਸਨ, ਕਹਾਣੀਕਾਰ ਸਨ, ਵਾਰਤਕਕਾਰ ਸਨ, ਸੰਪਾਦਕ ਸਨ, ਅਨੁਵਾਦਕ ਸਨ, ਖੋਜਾਰਥੀ ਸਨ। ਇਹ ਕਲਮ ਦੀ ਮਿਹਰਬਾਨੀ ਸਦਕਾ ਉਹ ਸੁਭਾਅ ਪੱਖੋਂ ਨੇਕ, ਨਿੱਘੇ ਤੇ ਮਿਲਾਪੜੇ ਵੀ ਸਨ।

ਉਹਨਾਂ ਨੇ ਆਪਣੇ ਮੁੱਢਲੇ ਸ਼ੌਕ, ਲੋਕ ਸੱਭਿਆਚਾਰ ਦੀ ਸਾਂਭ ਸੰਭਾਲ ਨੂੰ ਲੈਕੇ ਆਪਣੀ ਜ਼ਿੰਦਗੀ ਵਿੱਚ ਲੋਕ ਖੇਡਾਂ, ਲੋਕ ਗੀਤ, ਲੋਕ ਕਹਾਣੀਆਂ, ਲੋਕ ਬੁਝਾਰਤਾਂ, ਪੰਜਾਬੀ ਸਭਿਆਚਾਰ, ਬਾਲ ਸਾਹਿਤ ਬਾਰੇ ਤੀਹ ਦੇ ਕਰੀਬ ਕਿਤਾਬਾਂ ਲਿਖੀਆਂ।

ਮਾਦਪੁਰੀ ਖੁਦ ਦੱਸਦੇ ਹਨ ਕਿ ਲੋਕ ਗੀਤਾਂ ਨੂੰ ਇਕੱਠੇ ਕਰਨ ਦਾ ਫੁਰਨਾ ਉਹਨਾਂ ਦੇ ਮਨ 1954 'ਚ ਅਚਾਨਕ ਹੀ ਆਇਆ ਸੀ। ਸੋਚਿਆ 'ਮਨਾਂ ਬਾਪੂ, ਬੇਬੇ ਤੇ ਤਾਈ ਨੇ ਆਖ਼ਰ ਮਰ ਜਾਣੈ ਨਾਲ ਹੀ ਇਹ ਗੀਤ ਵੀ ਮੁੱਕ ਜਾਣਗੇ। ਕਿਉਂ ਨਾ ਇਨ੍ਹਾਂ ਨੂੰ ਕਿਸੇ ਕਾਪੀ ਤੇ ਲਿਖ ਲਵਾਂ।' ਉਸ ਵੇਲੇ ਦੀ ਮਨ ਦੀ ਆਵਾਜ਼ ਨੇ ਕਾਪੀ ਤੇ ਕਲਮ ਨਾਲ਼ ਸਾਂਝ ਬਣਾ ਦਿੱਤੀ। ਮਾਦਪੁਰੀ ਨੇ ਇੱਕ ਸਾਲ ਵਿਚ ਵੱਡੇ ਅਕਾਰ ਦੀ ਕਾਪੀ ਉੱਤੇ 1231 ਲੋਕ-ਗੀਤ ਉਤਾਰ ਲਏ। ਸਫ਼ਰ ਫਿਰ ਵੀ ਜਾਰੀ, ਅਗਲੀ ਕਾਪੀ ਸ਼ੁਰੂ ਹੋਈ, ਭਰ ਗਈ, ਸਫ਼ਰ ਫਿਰ ਵੀ ਜਾਰੀ।

ਉਹ ਕਹਿੰਦੇ ਇਹ ਗੌਣ ਸਦੀਆਂ ਪੁਰਾਣੇ ਪੰਜਾਬ ਦੇ ਸਮਾਜਿਕ ਇਤਿਹਾਸ ਦੀਆਂ ਬਾਤਾਂ ਪਾਉਂਦੇ ਨੇ। ਜਿਹੜੀ ਦੁੱਖਾਂ ਭਰੀ ਤੇ ਔੜਾਂ ਮਾਰੀ ਜ਼ਿੰਦਗੀ ਪੰਜਾਬ ਦੀ ਔਰਤ ਨੇ ਭੋਗੀ ਹੈ, ਇਹ ਉਸ ਦਾ ਇਤਿਹਾਸਕ ਦਸਤਾਵੇਜ਼ ਹਨ। ਆਪਣੀ ਵੇਦਨਾ ਨੂੰ ਬਿਆਨ ਕਰਦੇ ਇਨ੍ਹਾਂ ਗੀਤਾਂ ਨੂੰ ਔਰਤ ਨੇ ਖ਼ੁਦ ਸਿਰਜਿਆ ਹੈ। ਜਦੋਂ ਉਹ ਇਨ੍ਹਾਂ ਨੂੰ ਸੁਰ ਵਿਚ ਗਾਉਂਦੀਆਂ ਹਨ ਤਾਂ ਚਾਰੇ ਬੰਨੇ ਸਿਸਕੀਆਂ ਤੇ ਹਉਕੇ ਸੁਣਾਈ ਦਿੰਦੇ ਹਨ।

ਮਾਦਪੁਰੀ ਦਾ ਪਹਿਲਾ ਲੇਖ ਨਵੰਬਰ-ਦਸੰਬਰ 1954 ਦੇ 'ਪੰਜਾਬੀ ਦੁਨੀਆਂ' ਵਿਚ ਛਪਿਆ। ਪਿਆਰਾ ਸਿੰਘ ਪਦਮ ਦਾ ਪਹਿਲਾਂ ਥਾਪੜਾ ਕੰਧੇ 'ਤੇ ਆਣ ਟਿਕਿਆ। ਉਦੋਂ ਇਸ ਸਿਰੜੀ ਦੀ ਉਮਰ ਮਸਾਂ 20 ਸਾਲ ਦੀ ਸੀ। ਫਿਰ ਇਕ ਗੀਤ ਬਾਰੇ ਤਬਸਰਾ 'ਜਾਗ੍ਰਿਤੀ' ਵਿਚ ਛਪਿਆ। ਦੂਜਾ ਥਾਪੜਾ ਕੁਲਵੰਤ ਸਿੰਘ ਵਿਰਕ ਨੇ ਜਨਵਰੀ 1955 ਵਿਚ ਦਿੱਤਾ। ਇਹੋ ਜਿਹੇ ਥਾਪੜਿਆਂ ਦੀ ਹੱਲਾਸ਼ੇਰੀ ਸਦਕਾ ਤਾਂ ਮਾਦਪੁਰੀ ਫਿਰ ਬਸ ਵਗਦੇ ਪਾਣੀ ਵਾਂਗ ਅੱਗੇ ਹੀ ਅੱਗੇ ਵਧਦਾ ਲੋਕ ਧਾਰਾ ਦਾ ਆਪ ਇੱਕ ਵੱਡਾ ਦਰਿਆ ਹੋ ਨਿੱਬੜਿਆ।

ਮਾਦਪੁਰੀ ਨੇ ਪੰਜਾਬ ਦੀਆਂ ਲੋਕ ਕਹਾਣੀਆਂ, ਲੋਕ ਬੁਝਾਰਤਾਂ, ਅਖੌਤਾਂ ਅਤੇ ਲੋਕ ਬੋਲੀਆਂ ਨੂੰ ਪਿੰਡ-ਪਿੰਡ ਜਾ ਕੇ ਇਕੱਤਰ ਕੀਤਾ। ਗਾਉਂਦਾ ਪੰਜਾਬ, ਫੁੱਲਾਂ ਭਰੀ ਚੰਗੇਰ-1979,ਖੰਡ ਮਿਸ਼ਰੀ ਦੀਆਂ ਡਲੀਆਂ-2003, ਲੋਕ ਗੀਤਾਂ ਦੀ ਸਮਾਜਿਕ ਵਿਆਖਿਆ-2003, ਨੈਂਣੀ ਨੀਂਦ ਨਾ ਆਵੇ-2004,ਕਿੱਕਲੀ ਕਲੀਰ ਦੀ, ਸ਼ਾਵਾ ਨੀ ਬੰਬੀਹਾ ਬੋਲੇ, ਬੋਲੀਆਂ ਦਾ ਪਾਵਾਂ ਬੰਗਲਾ, ਕੱਲਰ ਦੀਵਾ ਮੱਚਦਾ, ਬੁਝਾਰਤਾਂ,ਜ਼ਰੀ ਦਾ ਟੋਟਾ-1957,ਪਰਾਇਆ ਧਨ (ਨਾਟਕ),ਗਾਉਂਦਾ ਪੰਜਾਬ (ਮਾਲਵੇ ਦੇ ਲੋਕ-ਗੀਤ),ਪੰਜਾਬ ਦੀਆਂ ਵਿਰਾਸਤੀ ਖੇਡਾਂ,ਕਿੱਕਲੀ ਕਲੀਰ ਦੀ,ਫੁੱਲਾਂ ਭਰੀ ਚੰਗੇਰ,ਪੰਜਾਬ ਦੇ ਲੋਕ ਨਾਇਕ,ਪੰਜਾਬ ਦੀਆਂ ਲੋਕ ਖੇਡਾਂ,ਬਾਤਾਂ ਦੇਸ ਪੰਜਾਬ ਦੀਆਂ,ਨੈਣਾ ਦੇ ਵਣਜਾਰੇ-1962,ਮਹਿਕ ਪੰਜਾਬ ਦੀ: ਪੰਜਾਬ ਦੇ ਜੱਟਾਂ ਦੀ ਲੋਕਧਾਰਾ,ਖੰਡ ਮਿਸ਼ਰੀ ਦੀਆਂ ਡਲੀਆਂ-2003,ਲੋਕ ਗੀਤਾਂ ਦੀਆਂ ਕੂਲ੍ਹਾਂ: ਸ਼ਗਨਾਂ ਦੇ ਗੀਤ, ਲੋਕ ਦੋਹੇ ਤੇ ਮਾਹੀਆ, ਪੰਜਾਬੀ ਸਭਿਆਚਾਰ ਦੀ ਆਰਸੀ(ਸੋਮੇ ਤੇ ਪਰੰਪਰਾ)-2006 ਆਦਿ ਢੇਰ ਸਾਰੀਆਂ ਕਿਤਾਬਾਂ ਪੰਜਾਬੀ ਸਾਹਿਤ ਤੇ ਲੋਕਧਾਰਾ ਦੀ ਝੋਲੀ ਪਾਈਆਂ। ਬਾਲ ਸਾਹਿਤ ਵਿੱਚ ਜਾਦੂ ਦਾ ਸ਼ੀਸ਼ਾ-1962, ਕੇਸੂ ਦੇ ਫੁੱਲ-1962, ਸੋਨੇ ਦਾ ਬੱਕਰਾ-1962 ਦੇ ਨਾਂ ਜ਼ਿਕਰਯੋਗ ਹਨ।

ਭਾਸ਼ਾ ਵਿਭਾਗ ਪੰਜਾਬ ਵੱਲੋਂ ਉਨ੍ਹਾਂ ਨੂੰ ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਤੇ ਸਾਹਿਤ ਅਕਾਦਮੀ ਦਿੱਲੀ ਨੇ ਵੀ ਉਸ ਨੂੰ ਵੱਕਾਰੀ ਐਵਾਰਡ ਸਾਹਿਤ ਅਕਾਦਮੀ ਪੁਰਸਕਾਰ 2015 ਦੇ ਕੇ ਮਾਣ ਦਿੱਤਾ। 26 ਅਪਰੈਲ 2020 ਦਾ ਦਿਨ ਪੰਜਾਬੀ ਸਾਹਿਤ ਦੀ ਦੁਨੀਆਂ ਵਿੱਚ ਸੁਖਦੇਵ ਮਾਦਪੁਰੀ ਦਾ ਸਰੀਰਕ ਤੌਰ ਤੇ ਆਖਰੀ ਦਿਨ ਸੀ। ਉਸ ਦੀ ਰੂਹ ਪਰਮਾਤਮਾ ਦੇ ਹੁਕਮ ਅਨੁਸਾਰ ਆਪਣੇ ਹਿੱਸੇ ਦੇ ਕਾਰਜ ਨਿਭਾ ਕੇ ਵਾਪਸ ਚਲੀ ਗਈ। ਸੁਖਦੇਵ ਮਾਦਪੁਰੀ ਦਾ ਨਾਂ ਲੋਕਧਾਰਾ ਦੀ ਇੱਕ ਸੰਸਥਾ ਵਜੋਂ ਪੰਜਾਬੀ ਸਾਹਿਤ ਵਿੱਚ ਹਮੇਸ਼ਾ ਜਿਉਂਦਾ ਰਹੇਗਾ।

*-ਸ: ਸੁਖਚੈਨ ਸਿੰਘ ਕੁਰੜ*
*(ਪੰਜਾਬੀ ਅਧਿਆਪਕ ਤੇ ਭਾਸ਼ਾ ਮੰਚ ਸਰਪ੍ਰਸਤ)*
*ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਨਾ ਸਿੰਘ ਵਾਲ਼ਾ (ਫ਼ਿਰੋਜ਼ਪੁਰ)*


## NEEDED FULL-TIME CONSTRUCTION WORKER

*(Required Canadian Citizen or Permanent Resident)*

**Decon Construction Inc. is a small business in Brampton, ON L6X 2M1. We are professional, fast-paced, and demanding.** We are looking for a Construction Worker to join our team and assist in the completion of various construction projects. The ideal candidate for this position will have experience in the construction industry, be able to lift heavy objects, and have a strong work ethic. The successful candidate will be responsible for a variety of tasks, including demolition, digging trenches, mixing concrete, and cleaning up job sites.

**Responsibilities:**
- Load, unload and transport construction materials
- Operate mobile and tower cranes to lift, move, position or place equipment and materials
- Clean and lubricate cranes
- Erect and dismantle concrete forms, scaffolding, ramps, catwalks shoring and barricades
- Operate pile driving cranes to drive pilings into earth to provide support for buildings and other structures
- Mix, pour and spread materials
- Operate cranes equipped with dredging attachments to dredge waterways and other areas
- Assemble tower cranes on site
- Assist heavy equipment operators
- Operate gantry cranes to load and unload ship cargo at port side
- Assist in drilling and blasting rock on construction sites
- Assist in framing houses, erecting walls and building roofs
- Level earth to fine grade specifications
- Assist in demolishing buildings
- Perform pre-operational inspection, and calculate crane capacities and weight to prepare for rigging and hoisting
- Perform routine maintenance work
- Clean up chemical spills and other contaminants
- Remove rubble and other debris at construction sites
- Tend or feed machines or equipment used in construction
- Direct traffic at or near construction sites
- Read and interpret blueprints

**Additional Information**
Work conditions and physical capabilities
- Fast-paced environment
- Work under pressure
- Physically demanding
- Handling heavy loads
- Hand-eye co-ordination

**Personal suitability**
- Dependability
- Flexibility
- Reliability
- Team player

**Experience**
Experience an asset
Work site environment
- Outdoors
- At heights
- Noisy

**Job Type: Full-time**
**Salary: $27.00 per hour**

**Benefits:**
- Paid time off

**Flexible Language Requirement:**
- French not required

**Language:**
- English (preferred)

**Schedule:**
- Monday to Friday

**Supplemental pay types:**
- Overtime pay

**Ability to commute/relocate:**
- Brampton, ON L6X 2M1: reliably commute or plan to relocate before starting work (required)

**Experience:**
- construction (preferred)

**Shift availability:**
- Day Shift (preferred)

**Work Location:** In person

**Submit Resume:**
**naeem@decongroup.ca**

# ਮਹਿੰਦਰ ਸਾਥੀ ਮੰਚ ਵੱਲੋਂ ਵਿਸ਼ਾਲ ਯੁਵਾ ਮੁਸ਼ਾਇਰਾ, ਤਲਵਿੰਦਰ ਸ਼ੇਰਗਿੱਲ ਅਤੇ ਖੇਤਪਾਲ ਦਾ ਸਨਮਾਨ

*** ਨੌਜਵਾਨ ਸ਼ਾਇਰਾਂ ਦੀ ਸ਼ਾਇਰੀ ਨੇ ਸਰੋਤੇ ਕੀਲੇ**

ਮੋਗਾ, 12 ਜੂਨ (ਗਿਆਨ ਸਿੰਘ): ਮਹਿੰਦਰ ਸਾਥੀ ਯਾਦਗਾਰੀ ਮੰਚ ਮੋਗਾ ਵੱਲੋਂ ਮਹਿੰਦਰ ਸਾਥੀ ਦੇ ਜਨਮ ਦਿਨ ਨੂੰ ਸਮਰਪਿਤ ਵਿਸ਼ਾਲ ਯੁਵਾ ਕਵੀ ਦਰਬਾਰ ਅਤੇ ਸਨਮਾਨ ਸਮਾਰੋਹ ਡੀ ਐਮ ਕਾਲਜ ਮੋਗਾ ਦੇ ਆਡੀਟੋਰੀਅਮ ਵਿਚ ਕਰਵਾਇਆ ਗਿਆ ਜਿਸਦੀ ਪ੍ਰਧਾਨਗੀ ਪ੍ਰਸਿੱਧ ਸ਼ਾਇਰ ਅਤੇ ਜਿਲ੍ਹਾ ਭਾਸ਼ਾ ਅਫਸਰ ਫਰੀਦਕੋਟ ਮਨਜੀਤ ਪੁਰੀ ਨੇ ਕੀਤੀ। ਨੈਸਲੈ ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਦਲਜੀਤ ਸਿੰਘ, ਨਾਮਵਰ ਸ਼ਾਇਰ ਪ੍ਰੋ ਜਸਪਾਲ ਘਈ, ਮਹਿੰਦਰ ਸਾਥੀ ਮੰਚ ਦੇ ਪ੍ਰਧਾਨ ਗੁਰਮੀਤ ਕੜਿਆਲਵੀ ਅਤੇ ਨੌਜਵਾਨ ਸ਼ਾਇਰ ਤਲਵਿੰਦਰ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਹੋਏ। ਮੰਚ ਦੇ ਪ੍ਰਧਾਨ ਗੁਰਮੀਤ ਕੜਿਆਲਵੀ ਨੇ ਆਏ ਹੋਏ ਸਾਹਿਤਕਾਰਾਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਨਵੀਆਂ ਕਲਮਾਂ ਨੂੰ ਉਤਸ਼ਾਹਿਤ ਕਰਨ ਲਈ ਮੰਚ ਅਜਿਹੇ ਉਪਰਾਲੇ ਕਰਦਾ ਰਹੇਗਾ।

ਮੁਸ਼ਾਇਰੇ 'ਚ ਪੰਜਾਬ ਦੇ ਚਰਚਿਤ ਨੌਜਵਾਨ ਸ਼ਾਇਰਾਂ ਨੇ ਆਪਣਾ ਕਲਾਮ ਪੇਸ਼ ਕਰਕੇ ਸਰੋਤਿਆਂ ਦੀ ਭਰਵੀਂ ਦਾਦ ਪ੍ਰਾਪਤ ਕੀਤੀ। ਮੁਸ਼ਾਇਰੇ ਦੀ ਸ਼ੁਰੂਆਤ ਪਟਿਆਲਾ ਤੋਂ ਆਏ ਸ਼ਾਇਰ ਹਸਨ ਹਬੀਬ ਦੀ ਖ਼ੂਬਸੂਰਤ ਤੇ ਅਰਥ ਭਰਪੂਰ ਸ਼ਾਇਰੀ ਨਾਲ ਹੋਈ। ਹੁਸ਼ਿਆਰਪੁਰ ਤੋਂ ਆਏ ਸ਼ਾਇਰ ਅਨੀ ਕਾਠਗੜ੍ਹ ਦੇ ਸ਼ੇਅਰ &;ਕੰਗਣ, ਝਾਂਜਰ, ਕਾਗਜ਼, ਬੋਤਲ, ਅੱਡੀ, ਸੀਟੀ, ਤਾੜੀ, ਚੁਟਕੀ/ਅੰਦਰ ਹੈ ਸੰਗੀਤ ਤਾਂ ਕੁਝ ਵੀ ਸਾਜ਼ ਬਣਾਇਆ ਜਾ ਸਕਦਾ ਹੈ ਨੇ ਸਰੋਤਿਆਂ ਨੂੰ ਝੂੰਮਣ ਲਾ ਦਿੱਤਾ। ਤਲਵਿੰਦਰ ਸ਼ੇਰਗਿੱਲ ਨੇ ਆਪਣੀਆਂ ਕਈ ਗ਼ਜ਼ਲਾਂ ਦੇ ਸ਼ੇਅਰ ਸੁਣਾਏ। ਉਹ ਆਖ ਰਿਹਾ ਸੀ, ਹਜ਼ਾਰਾਂ ਤਰਲਿਆਂ ਦੇ ਬਾਅਦ ਵੀ ਚੜ੍ਹਿਆ ਨਹੀਂ ਜਦ, ਅਸੀਂ ਫਿਰ ਅੱਕ ਕੇ ਸੂਰਜ ਘਨੇੜੀ ਚੁੱਕਣਾ ਸੀ। ਜਿਲ੍ਹਾ ਫਰੀਦਕੋਟ ਦੇ ਸ਼ਾਇਰ ਹੈਰੀ ਭੋਲੂਵਾਲੀਆ ਦੀਆਂ ਗ਼ਜ਼ਲਾਂ ਦੇ ਸ਼ੇਅਰ ਸਰੋਤਿਆਂ ਨੂੰ ਹਲੂਣਾ ਦੇ ਗਏ, ਮੈਂ ਪੰਜਾਬੀ ਊਧਮ ਸਿੰਘ ਦਾ ਭਾਈ ਹਾਂ, ਤੇਰੇ ਵਰਗੇ ਡਾਇਰ ਖੀਸੇ ਵਿਚ ਰੱਖਦਾ ਵਾਂ।



ਸੰਗਰੂਰ ਤੋਂ ਆਏ ਨੌਜਵਾਨ ਸ਼ਾਇਰ ਸੁਖਦੀਪ ਔਜਲਾ ਮਰ ਜੇਂਗਾ ਮੇਰੇ ਬਿਨ ਉਹ ਕਹਿ ਕੇ ਜਾਣ ਲੱਗੀ ਹੈ, ਮੈਂ ਉਸਦਾ ਮਾਣ ਰੱਖਣੇ ਨੂੰ ਅੱਖਾਂ ਭਰ ਲਵਾਂ ਕਿ ਨਾ। ਵਰਗੇ ਰੁਮਾਂਟਿਕ ਸ਼ੇਅਰਾਂ ਨਾਲਾਂ ਵਾਹ ਵਾਹ ਲੁੱਟਣ ਵਿਚ ਸਫਲ ਰਿਹਾ। ਗੁਰਜੰਟ ਰਾਜਿਆਣਾ, ਕਮਲਦੀਪ ਜਲੂਰ, ਜਗਮੀਤ ਹਰਫ਼, ਜਗਸੀਰ ਸਿੰਘ ਬਰਾੜ, ਪੰਜਾਬੀ ਯੂਨੀਵਰਸਿਟੀ ਤੋਂ ਆਏ ਸ਼ਾਇਰ ਕਮਲ, ਜਸਕਰਨ ਮੱਤਾ, ਰਾਜਵੀਰ ਮੱਤਾ, ਲਵਪ੍ਰੀਤ ਰਾਮੇਆਣਾ, ਅਮਨਦੀਪ ਕੌਰ ਹਾਕਮ ਵਾਲਾ, ਕਵਿਤਰੀ ਰਵਨੀਤ ਕੌਰ ਮਲੋਟ (ਲੌਂਗ ਡਿਸਟੈਂਸ ਦੋਸਤੋ) ਅਤੇ ਰਾਜਵੀਰ ਨੂਰਪੁਰ ਦੀ ਸ਼ਾਇਰੀ ਨੇ ਸਰੋਤਿਆਂ ਦੀ ਭਰਵੀਂ ਦਾਦ ਪ੍ਰਾਪਤ ਕੀਤੀ।

ਮੰਚ ਵੱਲੋਂ ਨੌਜਵਾਨ ਸ਼ਾਇਰ ਤਲਵਿੰਦਰ ਸ਼ੇਰਗਿੱਲ ਨੂੰ ਮਹਿੰਦਰ ਸਾਥੀ ਯੁਵਾ ਕਾਵਿ ਪੁਰਸਕਾਰ ਨਾਲ ਸਨਮਾਨਿਤ ਕੀਤਾ।

ਤਲਵਿੰਦਰ ਦਾ ਸਨਮਾਨ ਪੱਤਰ ਮੀਡੀਆ ਕੁਆਰਡੀਨੇਟਰ ਅਮਰ ਘੋਲੀਆ ਵੱਲੋਂ ਪੜ੍ਹਿਆ ਗਿਆ। ਮੰਚ ਵੱਲੋਂ ਸ਼ਾਨਦਾਰ ਸਨਮਾਨ ਪੱਤਰ, ਫੁਲਕਾਰੀ ਅਤੇ ਨਕਦ ਰਾਸ਼ੀ ਨਾਲ ਤਲਵਿੰਦਰ ਦਾ ਸਨਮਾਨ ਕੀਤਾ। ਸ਼ਾਇਰ ਅਮਰ ਸੂਫੀ ਨੇ ਇਸ ਪੁਰਸਕਾਰ ਦੀ ਸਥਾਪਨਾ ਬਾਰੇ ਜਾਣਕਾਰੀ ਦਿੱਤੀ। ਮੰਚ ਵੱਲੋਂ ਜੀ ਟੀ ਵੀ ਨੈਟਵਰਕ ਦੇ ਸੰਚਾਲਕ ਖੇਤਪਾਲ ਦੀਪ ਜੀ ਦਾ ਫੁਲਕਾਰੀ ਅਤੇ ਸਨਮਾਨ ਪੱਤਰ ਭੇਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਖੇਤਪਾਲ ਦੀਪ ਬਾਰੇ ਸਰਾਂਵਾਲੀ ਨੇ ਜਾਣਕਾਰੀ ਦਿੱਤੀ।

ਹਾਜ਼ਰ ਸਰੋਤਿਆਂ ਨੂੰ ਸੰਬੋਧਨ ਕਰਦਿਆਂ ਪ੍ਰਸਿੱਧ ਸ਼ਾਇਰ ਤੇ ਚਿੰਤਕ ਪ੍ਰੋ ਜਸਪਾਲ ਘਈ ਨੇ ਕਿਹਾ ਕਿ ਮਹਿੰਦਰ ਸਾਥੀ ਅਜਿਹਾ ਅਵਾਮੀ ਸ਼ਾਇਰ ਸੀ ਜਿਸਨੇ ਕਿਸੇ ਤਰ੍ਹਾਂ ਦੀ ਰਿਆਇਤ ਪ੍ਰਾਪਤ ਕਰਨ ਲਈ ਸੱਤਾ ਨਾਲ ਸਮਝੌਤਾ ਨਹੀਂ ਕੀਤਾ ਸਗੋਂ ਕਿਰਤੀਆਂ ਦੇ ਹੱਕਾਂ ਲਈ ਕਲਮ ਚਲਾਉਂਦਾ ਰਿਹਾ। ਮੰਚ ਸੰਚਾਲਕ ਰਣਜੀਤ ਸਰਾਂਵਾਲੀ ਨੇ ਮੰਚ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਡਾ ਸੁਰਜੀਤ ਬਰਾੜ ਨੇ ਨਵੇਂ ਸ਼ਾਇਰਾਂ ਨੂੰ ਅਪੀਲ ਕੀਤੀ ਕਿ ਉਹ ਸਮਾਜ ਨੂੰ ਦਰਪੇਸ਼ ਸੰਕਟਾਂ ਬਾਰੇ ਲਿਖਣ। ਨਾਮਵਰ ਵਿਅੰਗਕਾਰ ਕੇ ਐਲ ਗਰਗ ਨੇ ਯੁਵਾ ਸ਼ਾਇਰਾ ਨੂੰ ਥਾਪੜਾ ਦਿੰਦਿਆਂ ਆਸ ਪ੍ਰਗਟ ਕੀਤੀ ਕਿ ਇਹ ਨੌਜਵਾਨ ਸ਼ਾਇਰ ਪੰਜਾਬੀ ਮਾਂ ਬੋਲੀ ਦਾ ਮਾਣ ਬਨਣਗੇ।

ਸਮਾਗਮ ਦੀ ਪ੍ਰਧਾਨਗੀ ਕਰ ਰਹੇ ਸ਼ਾਇਰ ਮਨਜੀਤ ਪੁਰੀ ਨੇ ਨਵੀਆਂ ਕਲਮਾਂ ਨੂੰ ਉਤਸ਼ਾਹਿਤ ਕਰਨ ਲਈ ਮਹਿੰਦਰ ਸਾਥੀ ਮੰਚ ਦੇ ਯਤਨ ਦੀ ਸ਼ਾਲਾਘਾ ਕੀਤੀ। ਉਹਨਾਂ ਨਵੇਂ ਸ਼ਾਇਰਾਂ ਨੂੰ ਸੁਝਾਅ ਦਿੱਤਾ ਕਿ ਉਹਨਾਂ ਨੂੰ ਆਪਣੀ ਪਿਆਰ ਸ਼ਾਇਰੀ ਦੇ ਫੈਲਾਅ ਸਮਾਜ ਦੀ ਪੀੜਾ ਤੱਕ ਲੈ ਕੇ ਜਾਣਾ ਚਾਹੀਦਾ ਹੈ। ਦਲਜੀਤ ਸਿੰਘ ਪ੍ਰਧਾਨ ਨੈਸਲੇ ਇੰਪਲਾਈਜ਼ ਯੂਨੀਅਨ ਨੇ ਕਿਹਾ ਕਿ ਸਾਹਿਤਕਾਰ ਸਮਾਜ ਨੂੰ ਸੋਹਣਾ ਬਣਾਉਣ ਲਈ ਯੋਗਦਾਨ ਪਾ ਸਕਦੇ ਹਨ।

ਪੰਜਾਬ ਦੇ ਨਾਮਵਰ ਸ਼ਾਇਰ ਹਰਮੀਤ ਵਿਦਿਆਰਥੀ, ਪ੍ਰੋ ਕੁਲਦੀਪ ਸਿੰਘ ਆਰ ਐਸ ਡੀ ਕਾਲਜ ਫਿਰੋਜ਼ਪੁਰ, ਸੁਖਦੇਵ ਸਿੰਘ ਭੱਟੀ, ਸ਼ਾਇਰਾ ਮੀਨਾ ਮਹਿਰੋਕ ਜਲਾਲਾਬਾਦ ਪੱਛਮੀ, ਦੀਪ ਜ਼ੀਰਵੀ, ਦੀਪ ਕਲੇਰ, ਜਸਵੰਤ ਖਟਕੜ, ਤਰਸੇਮ ਗੋਪੀਕਾ, ਪ੍ਰੋ ਗੁਰਦੀਪ ਸਿੰਘ ਖਿੰਡਾ, ਸਾਧੂ ਰਾਮ ਲੰਗੇਆਣਾ,ਇਕਬਾਲ ਸਿੰਘ ਲੰਗੇਆਣਾ,ਕੁਲਵੰਤ ਸਿੰਘ ਧਾਲੀਵਾਲ, ਮਹਿੰਦਰ ਪਾਲ ਲੂੰਬਾ, ਦਿਲਬਾਗ ਸਿੰਘ ਬੁੱਕਣਵਾਲਾ, ਹਰਵਿੰਦਰ ਬਿਲਾਸਪੁਰ,ਗੁਰਪ੍ਰੀਤ ਧਰਮਕੋਟ, ਜਸਵਿੰਦਰ ਧਰਮਕੋਟ, ਜਸਵਿੰਦਰ ਸੋਨੀ, ਸਿਮਰਜੀਤ ਕੌਰ ਸਿੰਮੀ, ਅਮਰਪ੍ਰੀਤ ਕੌਰ ਸੰਘਾ, ਪਰਮਿੰਦਰ ਕੌਰ, ਏਲਨਾ ਧੀਮਾਨ, ਤੌਫ਼ੀਕ ਗਿੱਲ, ਜਗਤਾਰ ਸੋਖੀ, ਨਾਵਲਕਾਰ ਕ੍ਰਿਸ਼ਨ ਪ੍ਰਤਾਪ, ਨਾਟਕਕਾਰ ਮੋਹੀ ਅਮਰਜੀਤ, ਗੁਰਪਿਆਰ ਹਰੀ ਨੌਂ, ਅਸ਼ੋਕ ਦਬੜੀਖਾਨਾ, ਅਰਨਦੀਪ ਚਕਰ, ਅਜੇ ਖੁੰਗਰ, ਧਾਮੀ ਗਿੱਲ ਸਕੱਤਰ, ਗੁਰਦੀਪ ਲੋਪੋ ਮੀਤ ਪ੍ਰਧਾਨ, ਅਮਰਜੀਤ ਸਨ੍ਹੇਰਵੀ, ਦਰਸ਼ਨ ਦੋਸਾਂਝ, ਭੁਪਿੰਦਰ ਜੋਗੇਵਾਲਾ, ਡਾ ਇੰਦਰਬੀਰ ਗਿੱਲ ਪਰਧਾਨ ਪੀਸ ਤੇ ਸੌਲੀਡੈਰਟੀ ਮੰਚ, ਇੰਜਨੀਅਰ ਸਵਰਨ ਸਿੰਘ ਖੋਸਾ, ਨਰਿੰਦਰ ਰੋਹੀ, ਧਰਮਿੰਦਰ ਮਸਾਣੀ, ਰਣਜੀਤ ਸਿੰਘ ਸੋਹਲ, ਗੁਰਿੰਦਰ ਸਿੰਘ ਗੁੱਗੂ ਸਰਪੰਚ, ਹਰਕੀਰਤ ਸਿੰਘ, ਆਤਮਾ ਸਿੰਘ ਆਲਮਗੀਰ, ਜਗੀਰ ਖੋਖਰ, ਗੁਰਮੇਲ ਬੌਡੇ, ਬਲਜਿੰਦਰ ਕਲਸੀ, ਨਿਰਮਲ ਸਿੰਘ ਪੱਤੋ, ਰੀਤ ਕਲਸੀ, ਸੁਖਵਿੰਦਰ ਚੀਦਾ ਪ੍ਰਧਾਨ ਸਾਹਿਤਕ ਮੰਚ ਭਗਤਾ ਭਾਈ, ਕਾਮਰੇਡ ਸੂਰਤ ਸਿੰਘ ਧਰਮਕੋਟ, ਡਾ ਹਰਨੇਕ ਰੋਡੇ ਪ੍ਰਧਾਨ ਸਾਹਿਤਕ ਸੱਥ, ਗੁਰਬਿੰਦਰ ਕੌਰ ਗਿੱਲ, ਬਲਵੰਤ ਸਿੰਘ ਚਕਰ, ਸੁਖਵਿੰਦਰ ਕਾਲਾ, ਸੁੱਖ ਨਾਹਰ, ਪ੍ਰੇਮ ਕੁਮਾਰ, ਡਾ ਬਲਦੇਵ ਢਿੱਲੋਂ, ਗੁਰਬਿੰਦਰ ਦਬੜੀਖਾਨਾ, ਅਵਤਾਰ ਸਿੰਘ ਸਿੱਧੂ, ਮਨਦੀਪ ਸਾਦਿਕ ਆਦਿ ਸਾਹਿਤਕਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਮੰਚ ਵੱਲੋਂ ਮੁਸ਼ਾਇਰੇ 'ਚ ਹਿੱਸਾ ਲੈਣ ਵਾਲੇ ਯੁਵਾ ਸ਼ਾਇਰਾਂ ਨੂੰ ਸਨਮਾਨਿਤ ਕੀਤਾ ਗਿਆ। ਪੰਜਾਬੀ ਮਾਂ ਬੋਲੀ ਲਈ ਵਿਸ਼ੇਸ਼ ਕੰਮ ਕਰਨ ਵਾਲੇ ਜਗਤਾਰ ਸੋਖੀ ਨੂੰ ਵੀ ਸਨਮਾਨ ਦਿੱਤਾ ਗਿਆ। ਪੰਜਾਬ ਦੇ ਨਾਮਵਰ ਇਨਕਲਾਬੀ ਗਾਇਕ ਧਰਮਿੰਦਰ ਮਸਾਣੀ ਵੱਲੋਂ ਮਹਿੰਦਰ ਸਾਥੀ ਦੇ ਗਾਏ ਗੀਤ ਦਾ ਪੋਸਟਰ ਵੀ ਲੋਕ ਅਰਪਣ ਕੀਤਾ ਗਿਆ।

NEED A LAWYER ??
KAUR LAW OFFICE
Red Seal NOTARY
REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage
IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application
FAMILY LAWYER
- Child & Spousal support
- Custody & Access
- Divorce
- Equalization
BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits
WILLS & ESTATE
- Wills
- Certificate of Estate Trustee with/without Will
- Power of attorney for Property & Personal Care
MANJEET KAUR
LL.B., (London UK)
Barrister, Solicitor & Notary Public
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

# Matrimonial
## ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਜੱਟ ਸਿੱਖ ਸੰਧੂ ਲੜਕਾ, ਉਮਰ 33 ਸਾਲ, ਕੱਦ 5 ਫੁਟ, 11 ਇੰਚ, 12ਵੀਂ ਪਾਸ, ਵਰਕ ਪਰਮਿਟ ਦੋ ਸਾਲ, ਬ੍ਰੈਂਪਟਨ, ਪਿਤਾ ਵੀ ਇੱਥੇ, ਮਾਤਾ ਵੀ ਆ ਰਹੀ ਹੈ। ਇਕਲੌਤਾ ਲੜਕਾ, ਚੰਗੀ ਜਾਇਦਾਦ, ਨਸ਼ਿਆਂ ਤੋਂ ਬਿਲਕੁਲ ਰਹਿਤ, ਭੂਆਂ ਕੋਲ ਰਹਿੰਦਾ ਹੈ, ਲਈ ਯੋਗ ਲੜਕੀ ਸਿਟੀਜ਼ਨ, ਪੀ.ਆਰ. ਹੋਵੇ। ਹੋਣ ਜਾਣਕਾਰੀ ਲਈ ਸੰਪਰਕ ਕਰੋ: 647-631-9445

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਫਰੀ ਪਿਕਅਪ
Best Rates For Lessons
ਫੀਮੇਲ ਇੰਸਟਰਕਟਰ
647-998-7500 ਬਲਵਿੰਦਰ

## ਲੜਕੀ ਦੀ ਲੋੜ

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days a Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਾਲੀਆ

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

## ਆਈਸਲੈਂਡ ਮਾਸਕੋ 'ਚ ਆਪਣਾ ਦੂਤਾਵਾਸ ਕਰੇਗਾ ਬੰਦ, ਫੈਸਲੇ 'ਤੇ ਰੂਸ ਗੁੱਸੇ 'ਚ



ਮਾਸਕੋ, 12 ਜੂਨ (ਪੋਸਟ ਬਿਊਰੋ): ਆਈਸਲੈਂਡ ਅਤੇ ਰੂਸ ਦੇ ਸਬੰਧ ਸੁਧਰਨ ਦੀ ਬਜਾਏ ਵਿਗੜਦੇ ਜਾ ਰਹੇ ਹਨ। ਹਾਲ ਹੀ ਵਿੱਚ ਰੇਕਜਾਵਿਕ ਨੇ ਮਾਸਕੋ ਵਿੱਚ ਆਪਣਾ ਦੂਤਾਵਾਸ ਬੰਦ ਕਰਨ ਦਾ ਫੈਸਲਾ ਕੀਤਾ ਹੈ। ਨਾਲ ਹੀ ਰੂਸ ਨੂੰ ਰੇਕਜਾਵਿਕ 'ਚ ਆਪਣੀਆਂ ਕਾਰਵਾਈਆਂ ਬੰਦ ਕਰਨ ਲਈ ਕਿਹਾ। ਰੂਸ ਇਸ ਨੂੰ ਲੈ ਕੇ ਨਾਰਾਜ਼ ਹੈ। ਉਨ੍ਹਾਂ ਨੇ ਆਈਸਲੈਂਡ 'ਤੇ ਦੇਸ਼ਾਂ ਦੇ ਸਬੰਧਾਂ ਨੂੰ ਵਿਗਾੜਨ ਦਾ ਦੋਸ਼ ਲਗਾਇਆ।

ਰੂਸ ਨੇ ਸ਼ਨੀਵਾਰ ਨੂੰ ਕਿਹਾ ਕਿ ਉਹ ਜਵਾਬ ਦੇਵੇਗਾ ਜਦੋਂ ਆਈਸਲੈਂਡ ਮਾਸਕੋ ਵਿੱਚ ਆਪਣੇ ਦੂਤਾਵਾਸ ਦੇ ਕੰਮਕਾਜ ਨੂੰ ਮੁਅੱਤਲ ਕਰਨ ਵਾਲਾ ਪਹਿਲਾ ਦੇਸ਼ ਬਣ ਜਾਵੇਗਾ। ਰੂਸ ਵਲੋਂ ਵਿਰੋਧੀ ਕਾਰਵਾਈਆਂ ਦਾ ਜ਼ਰੂਰ ਜਵਾਬ ਦਿੱਤਾ ਜਾਵੇਗਾ। ਰੂਸੀ ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਆਈਸਲੈਂਡ ਦੋਵਾਂ ਦੇਸ਼ਾਂ ਦੇ ਸਬੰਧਾਂ ਨੂੰ ਵਿਗਾੜ ਰਿਹਾ ਹੈ।

ਮੰਤਰਾਲੇ ਨੇ ਅੱਗੇ ਕਿਹਾ ਕਿ ਇਸ ਕਦਮ ਨਾਲ ਅਸੀਂ ਆਉਣ ਵਾਲੇ ਸਮੇਂ ਲਈ ਚੌਕਸ ਹੋਵਾਂਗੇ। ਅਸੀਂ ਇਸ ਫੈਸਲੇ ਨੂੰ ਆਈਸਲੈਂਡ ਨਾਲ ਆਪਣੀ ਭਵਿੱਖੀ ਸ਼ਮੂਲੀਅਤ ਨੂੰ ਧਿਆਨ ਵਿੱਚ ਰੱਖਾਂਗੇ। ਜ਼ਿਕਰਯੋਗ ਹੈ ਕਿ ਆਈਸਲੈਂਡ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਉਹ 1 ਅਗਸਤ ਤੋਂ ਮਾਸਕੋ ਸਥਿਤ ਆਪਣੇ ਦੂਤਾਵਾਸ 'ਚ ਕੰਮ ਬੰਦ ਕਰ ਦੇਵੇਗਾ। ਇਸ ਨੇ ਰੂਸ ਨੂੰ ਰੇਕਜਾਵਿਕ ਵਿੱਚ ਆਪਣੀਆਂ ਕਾਰਵਾਈਆਂ ਨੂੰ ਸੀਮਤ ਕਰਨ ਲਈ ਵੀ ਕਿਹਾ ਹੈ। ਵਿਦੇਸ਼ ਮੰਤਰੀ ਥੋਰੀਸ ਗਿਲਫਡੋਟੀਰ ਨੇ ਕਿਹਾ ਕਿ ਮੌਜੂਦਾ ਸਥਿਤੀ ਵਿੱਚ ਆਈਸਲੈਂਡ ਦੀ ਛੋਟੀ ਵਿਦੇਸ਼ੀ ਸੇਵਾ ਲਈ ਰੂਸ ਵਿੱਚ ਦੂਤਾਵਾਸ ਚਲਾਉਣਾ ਆਸਾਨ ਨਹੀਂ ਹੈ।

## ਪੰਜਾਬ ਪੁਲਿਸ ਨੇ 2132 ਵੱਡੀਆਂ ਮੱਛੀਆਂ ਸਣੇ 14952 ਤਸਕਰਾਂ ਨੂੰ ਕੀਤਾ ਗ੍ਰਿਫ਼ਤਾਰ, 113525 ਕਿਲੋ ਹੈਰੋਇਨ ਬਰਾਮਦ

* ਐਨਡੀਪੀਐਸ ਐਕਟ ਤਹਿਤ 11147 ਐਫਆਈਆਰਜ਼ ਦਰਜ * ਪੁਲਿਸ ਟੀਮਾਂ ਨੇ 5 ਜੁਲਾਈ 2022 ਤੋਂ ਹੁਣ ਤੱਕ 11.83 ਕਰੋੜ ਰੁਪਏ ਦੀ ਡਰੱਗ ਮਨੀ , 731 ਕਿਲੋ ਅਫੀਮ, 840.76-ਕਿਲੋ ਗਾਂਜਾ, 350 ਕੁਇੰਟਲ ਭੁੱਕੀ ਅਤੇ 62.49 ਲੱਖ ਗੋਲੀਆਂ/ਕੈਪਸੂਲ/ਟੀਕੇ/ਸ਼ੀਸ਼ੀਆਂ ਬਰਾਮਦ ਕੀਤੇ

ਚੰਡੀਗੜ੍ਹ, 12 ਜੂਨ (ਪੋਸਟ ਬਿਊਰੋ): ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਪੁੱਟਣ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਸ਼ਿਆਂ ਵਿਰੁੱਧ ਵਿੱਢੀ ਗਈ ਫੈਸਲাকੁੰਨ ਜੰਗ ਨੂੰ ਲਗਭਗ ਇੱਕ ਸਾਲ ਪੂਰਾ ਹੋਣ ਵਾਲਾ ਹੈ। ਇਸ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ 5 ਜੁਲਾਈ 2022 ਤੋਂ ਹੁਣ ਤੱਕ 2132 ਵੱਡੀਆਂ ਮੱਛੀਆਂ ਸਮੇਤ 14952 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਕੁੱਲ 11147 ਐਫਆਈਆਰ ਦਰਜ ਕੀਤੀਆਂ ਹਨ, ਜਿਨ੍ਹਾਂ ਵਿੱਚੋਂ 1313 ਕਮਰਸ਼ੀਅਲ ਕੁਆਂਟਿਟੀ ਨਾਲ ਸਬੰਧਤ ਹਨ।

ਪੁਲਿਸ ਹੈੱਡਕੁਆਰਟਰ ਦੇ ਇੰਸਪੈਕਟਰ ਜਨਰਲ ਸੁਖਚੈਨ ਸਿੰਘ ਗਿੱਲ, ਜੋ ਸੋਮਵਾਰ ਨੂੰ ਇੱਥੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ, ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਸੂਬੇ ਭਰ ਤੋਂ ਨਸ਼ਾ ਪ੍ਰਭਾਵਿਤ ਇਲਾਕਿਆਂ ਵਿੱਚ ਸੰਵੇਦਨਸ਼ੀਲ ਰੂਟਾਂ 'ਤੇ ਨਾਕੇ ਲਗਾਏ ਅਤੇ ਘੇਰਾਬੰਦੀ ਤੇ ਤਲਾਸ਼ੀ ਅਭਿਆਨ ਚਲਾ ਕੇ 987.75 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ। ਇਸ ਤੋਂ ਇਲਾਵਾ, ਪੰਜਾਬ ਪੁਲਿਸ ਦੀਆਂ ਟੀਮਾਂ ਵੱਲੋਂ ਗੁਜਰਾਤ ਅਤੇ ਮਹਾਰਾਸ਼ਟਰ ਦੇ ਬੰਦਰਗਾਹਾਂ ਤੋਂ 147.5 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਸੀ , ਜਿਸ ਨਾਲ ਸਿਰਫ 11 ਮਹੀਨਿਆਂ ਵਿੱਚ ਹੈਰੋਇਨ ਦੀ ਕੁੱਲ ਬਰਾਮਦਗੀ 1135.25 ਕਿਲੋਗ੍ਰਾਮ ਹੋ ਗਈ ਹੈ। ਹੈਰੋਇਨ ਦੀ ਵੱਡੀ ਖੇਪ ਬਰਾਮਦ ਕਰਨ ਤੋਂ ਇਲਾਵਾ, ਆਈ.ਜੀ.ਪੀ. ਨੇ ਦੱਸਿਆ ਕਿ ਪੁਲਿਸ ਨੇ ਸੂਬੇ ਭਰ ਵਿੱਚੋਂ 731 ਕਿਲੋ ਅਫੀਮ, 840.76 ਕਿਲੋ ਗਾਂਜਾ, 350.40 ਕੁਇੰਟਲ ਭੁੱਕੀ ਅਤੇ 62.49 ਲੱਖ ਗੋਲੀਆਂ/ਕੈਪਸੂਲ/ਟੀਕੇ/ਸ਼ੀਸ਼ੀਆਂ ਬਰਾਮਦ ਕੀਤੀਆਂ ਹਨ। ਪੁਲਿਸ ਨੇ ਇਨ੍ਹਾਂ 11 ਮਹੀਨਿਆਂ ਵਿੱਚ ਫੜੇ ਗਏ ਨਸ਼ਾ ਤਸਕਰਾਂ ਕੋਲੋਂ 11.83 ਕਰੋੜ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਹੈ।



ਇਸ ਦੌਰਾਨ ਹਫਤਾਵਾਰੀ ਜਾਣਕਾਰੀ ਦਿੰਦੇ ਹੋਏ, ਆਈਜੀਪੀ ਨੇ ਦੱਸਿਆ ਕਿ ਪਿਛਲੇ ਇੱਕ ਹਫ਼ਤੇ ਵਿੱਚ, ਪੁਲਿਸ ਨੇ 234 ਐਫਆਈਆਰਜ਼, ਜਿਨ੍ਹਾਂ ਵਿੱਚ 31 ਕਮਰਸ਼ੀਅਲ ਕੁਆਂਟਿਟੀ ਨਾਲ ਸਬੰਧਤ ਹਨ, ਦਰਜ ਕਰਕੇ 308 ਨਸ਼ਾ ਤਸਕਰਾਂ/ਸਪਲਾਇਰਾਂ ਨੂੰ ਗ੍ਰਿਫਤਾਰ ਕੀਤਾ ਹੈ ਅਤੇ 33.73-ਕਿਲੋਗ੍ਰਾਮ ਹੈਰੋਇਨ, 13.90-ਕਿਲੋ ਅਫੀਮ , 16.12 ਕਿਲੋ ਗਾਂਜਾ, 5.85 ਕੁਇੰਟਲ ਭੁੱਕੀ, 39004 ਗੋਲੀਆਂ/ਕੈਪਸੂਲ/ਟੀਕੇ/ਫਾਰਮਾ ਓਪੀਔਡਜ਼ ਦੀਆਂ ਸ਼ੀਸ਼ੀਆਂ ਤੋਂ ਇਲਾਵਾ 10.48 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ।

ਉਨ੍ਹਾਂ ਕਿਹਾ ਕਿ ਪਿਛਲੇ ਇੱਕ ਹਫ਼ਤੇ ਵਿੱਚ 10 ਹੋਰ ਭਗੌੜੇ ਐਨਡੀਪੀਐਸ ਕੇਸਾਂ ਵਿੱਚ ਗ੍ਰਿਫ਼ਤਾਰ ਕੀਤੇ ਜਾਣ ਦੇ ਨਾਲ, 5 ਜੁਲਾਈ, 2022 ਨੂੰ ਪੀਓਜ਼/ਭਗੌੜਿਆਂ ਨੂੰ ਗ੍ਰਿਫ਼ਤਾਰ ਕਰਨ ਲਈ ਸ਼ੁਰੂ ਕੀਤੀ ਗਈ ਵਿਸ਼ੇਸ਼ ਮੁਹਿੰਮ ਤੋਂ ਬਾਅਦ ਗ੍ਰਿਫ਼ਤਾਰੀਆਂ ਦੀ ਕੁੱਲ ਗਿਣਤੀ ਹੁਣ 906 ਤੱਕ ਪਹੁੰਚ ਗਈ ਹੈ।

ਜ਼ਿਕਰਯੋਗ ਹੈ ਕਿ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ), ਪੰਜਾਬ ਗੌਰਵ ਯਾਦਵ ਨੇ ਸਾਰੇ ਸੀਪੀਜ਼/ਐਸਐਸਪੀਜ਼ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਸਨ ਕਿ ਉਹ ਹਰੇਕ ਮਾਮਲੇ ਵਿੱਚ, ਖਾਸ ਤੌਰ 'ਤੇ ਨਸ਼ਿਆਂ ਦੀ ਬਰਾਮਦਗੀ ਨਾਲ ਸਬੰਧਤ ਅਗਲੀਆਂ-ਪਿਛਲੀਆਂ ਕੜੀਆਂ ਦੀ ਬਾਰੀਕੀ ਨਾਲ ਜਾਂਚ ਕਰਨ, ਭਾਵੇਂ ਉਨ੍ਹਾਂ ਕੋਲੋਂ ਮਾਮੂਲੀ ਮਾਤਰਾ ਵਿੱਚ ਵੀ ਨਸ਼ਾ ਬਰਾਮਦ ਹੋਇਆ ਹੋਵੇ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਪੁਲਿਸ ਵੱਲੋਂ ਸਰਹੱਦੀ ਸੂਬੇ ਵਿੱਚੋਂ ਨਸ਼ਿਆਂ ਦੀ ਅਲਾਮਤ ਨੂੰ ਨੱਥ ਪਾਉਣ ਲਈ ਵਿਆਪਕ ਨਸ਼ਾ ਵਿਰੋਧੀ ਮੁਹਿੰਮ ਚਲਾਈ ਜਾ ਰਹੀ ਹੈ। ਡੀਜੀਪੀ ਨੇ ਸਾਰੇ ਸੀਪੀਜ਼/ਐਸਐਸਪੀਜ਼ ਨੂੰ ਸਖ਼ਤੀ ਨਾਲ ਹੁਕਮ ਦਿੱਤੇ ਹਨ ਕਿ ਉਹ ਉਨ੍ਹਾਂ ਸਾਰੇ ਹਾਟਸਪਾਟਸ ਦੀ ਸ਼ਨਾਖਤ ਕਰਨ ਜਿੱਥੇ ਨਸ਼ੇ ਦਾ ਰੁਝਾਨ ਹੈ ਅਤੇ ਉਨ੍ਹਾਂ ਦੇ ਅਧਿਕਾਰ ਖੇਤਰਾਂ ਵਿੱਚ ਸਾਰੇ ਵੱਡੇ ਨਸ਼ਾ ਤਸਕਰਾਂ ਦੀ ਪਛਾਣ ਕੀਤੀ ਜਾਵੇ। ਉਨ੍ਹਾਂ ਪੁਲਿਸ ਮੁਖੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਫੜੇ ਗਏ ਸਾਰੇ ਨਸ਼ਾ ਤਸਕਰਾਂ ਦੀ ਜਾਇਦਾਦ ਜ਼ਬਤ ਕੀਤੀ ਜਾਵੇ ਤਾਂ ਜੋ ਉਨ੍ਹਾਂ ਦੇ ਨਜਾਇਜ਼ ਪੈਸੇ ਨੂੰ ਬਰਾਮਦ ਕੀਤਾ ਜਾ ਸਕੇ।

## ਸਪੀਕਰ ਨੇ ਪੰਜਾਬ ਵਿਧਾਨ ਸਭਾ ਦੇ ਚੌਥੇ ਸੈਸ਼ਨ ਦੀ ਬੈਠਕ 19 ਜੂਨ ਨੂੰ ਸੱਦੀ



ਚੰਡੀਗੜ੍ਹ, 12 ਜੂਨ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ ਵਿਧਾਨ ਸਭਾ ਦੇ ਚੌਥੇ ਸੈਸ਼ਨ ਦੀ ਬੈਠਕ 19 ਜੂਨ, 2023 ਨੂੰ ਸੱਦੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਅੱਜ ਇੱਥੇ ਦੱਸਿਆ ਕਿ ਪੰਜਾਬ ਵਿਧਾਨ ਸਭਾ ਵਿੱਚ ਕਾਰਜਵਿਧੀ ਅਤੇ ਕਾਰਜ ਸੰਚਾਲਨ ਨਿਯਮਾਂਵਲੀ ਦੇ ਨਿਯਮ-16 ਦੇ ਦੂਜੇ ਸ਼ਰਤੀ ਉਪਬੰਧ ਤਹਿਤ ਸਪੀਕਰ ਨੇ 16ਵੀਂ ਪੰਜਾਬ ਵਿਧਾਨ ਸਭਾ, ਜਿਸ ਨੂੰ 22 ਮਾਰਚ, 2023 ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ ਗਿਆ ਸੀ, ਨੂੰ 19 ਜੂਨ, 2023 (ਸੋਮਵਾਰ) ਨੂੰ ਬਾਅਦ ਦੁਪਹਿਰ 2:00 ਵਜੇ ਪੰਜਾਬ ਵਿਧਾਨ ਸਭਾ ਹਾਲ, ਵਿਧਾਨ ਭਵਨ, ਚੰਡੀਗੜ੍ਹ ਵਿਖੇ ਚੌਥੇ ਸੈਸ਼ਨ ਦੀ ਬੈਠਕ ਲਈ ਇਕੱਤਰ ਹੋਣ ਲਈ ਬੁਲਾਇਆ ਹੈ।

## ਭੋਪਾਲ ਦੇ ਸਤਪੁੜਾ ਭਵਨ ਵਿਚ ਲੱਗੀ ਭਿਆਨਕ ਅੱਗ



ਭੋਪਾਲ, 12 ਜੂਨ (ਪੋਸਟ ਬਿਊਰੋ): ਮੱਧ ਪ੍ਰਦੇਸ਼ ਦੀ ਰਾਜਧਾਨੀ ਭੋਪਾਲ ਦੇ ਸਤਪੁੜਾ ਭਵਨ 'ਚ ਸੋਮਵਾਰ ਨੂੰ ਭਿਆਨਕ ਅੱਗ ਲੱਗ ਗਈ। ਹੌਲੀ-ਹੌਲੀ ਅੱਗ ਆਪਣਾ ਭਿਆਨਕ ਰੂਪ ਧਾਰ ਲਿਆ। ਦੱਸਿਆ ਜਾ ਰਿਹਾ ਹੈ ਕਿ ਦੂਜੀ ਮੰਜ਼ਲਿ 'ਤੇ ਸਥਿਤ ਕਬਾਇਲੀ ਮਾਮਲਿਆਂ ਦੇ ਡਾਇਰੈਕਟੋਰੇਟ ਦੇ ਏਸੀ 'ਚ ਅੱਗ ਲੱਗੀ ਹੈ । ਜਿਸ ਤੋਂ ਬਾਅਦ ਅੱਗ ਲਗਾਤਾਰ ਵਧਦੀ ਜਾ ਰਹੀ ਹੈ। ਅੱਗ ਨਾਲ ਸਿਹਤ ਵਿਭਾਗ ਦੀਆਂ ਕਈ ਅਹਿਮ ਸ਼ਾਖਾਵਾਂ ਦੇ ਦਸਤਾਵੇਜ਼ ਸੜਨ ਦਾ ਖ਼ਦਸ਼ਾ ਹੈ। ਫਾਇਰ ਬ੍ਰਿਗੇਡ ਦੀਆਂ ਅੱਧੀ ਦਰਜਨ ਗੱਡੀਆਂ ਮੌਕੇ 'ਤੇ ਮੌਜੂਦ ਹਨ ਅਤੇ ਅੱਗ ਬੁਝਾਉਣ ਲਈ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

ਮੌਕੇ 'ਤੇ ਪਹੁੰਚੀਆਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਅੱਗ 'ਤੇ ਕਾਬੂ ਪਾਉਣ ਦੀ ਲਗਾਤਾਰ ਕੋਸ਼ਿਸ਼ ਕਰ ਰਹੀਆਂ ਹਨ। ਫਿਲਹਾਲ ਇਸ ਹਾਦਸੇ 'ਚ ਕਿਸੇ ਜਾਨੀ ਨੁਕਸਾਨ ਦੀ ਸੂਚਨਾ ਨਹੀਂ ਹੈ। ਸਤਪੁੜਾ ਭਵਨ 'ਚ ਲੱਗੀ ਭਿਆਨਕ ਅੱਗ ਤੋਂ ਬਾਅਦ ਇਲਾਕੇ 'ਚ ਧੂੰਏਂ ਦਾ ਗੁਬਾਰ ਸਾਫ ਦੇਖਿਆ ਜਾ ਸਕਦਾ ਹੈ। ਇਸ ਦੇ ਨਾਲ ਹੀ ਆਸਪਾਸ ਦੇ ਇਲਾਕਿਆਂ 'ਚ ਹਫੜਾ-ਦਫੜੀ ਦਾ ਮਾਹੌਲ ਬਣਿਆ ਹੋਇਆ ਹੈ।

## ਇਸ ਵਾਰ ਇਤਿਹਾਸਕ ਹੋਵੇਗਾ ਫਿਰੋਜ਼ਪੁਰ ਦਾ ਬਸੰਤ ਮੇਲਾ : ਰਣਬੀਰ ਭੁੱਲਰ

* ਪੰਜਾਬ ਸਰਕਾਰ ਵਲੋਂ ਫ਼ਿਰੋਜ਼ਪੁਰ ਵਿਖੇ ਬਸੰਤ ਮੇਲੇ ਦਾ ਕੀਤਾ ਜਾਵੇਗਾ ਆਯੋਜਨ *
ਪਤੰਗਬਾਜ਼ੀ ਦੇ ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਦਿੱਤੇ ਜਾਣਗੇ 10 ਲੱਖ ਰੁਪਏ ਦੇ ਇਨਾਮ

ਫਿਰੋਜ਼ਪੁਰ, 12ਜੂਨ (ਗਿਆਨ ਸਿੰਘ): ਫਿਰੋਜ਼ਪੁਰ ਵਿਖੇ ਆਉਣ ਵਾਲਾ ਬਸੰਤ ਮੇਲਾ ਇਤਿਹਾਸਕ ਤੇ ਯਾਦਗਾਰੀ ਹੋਵ-ੇਗਾ ਕਿਉਂਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਅਤੇ ਸੈਰ ਸਪਾਟਾ ਮੰਤਰੀ ਅਨਮੋਲ ਗਗਨ ਮਾਨ ਦੀ ਦੇਖ-ਰੇਖ ਹੇਠ ਪੂਰੇ ਸੂਬੇ ਵਿੱਚ 'ਰੰਗਲਾ ਪੰਜਾਬ' ਦੇ ਬੈਨਰ ਹੇਠ ਰਾਜ ਦੇ ਵੱਖ-ਵੱਖ ਹਿੱਸਿਆਂ ਵਿੱਚ ਕਰਵਾਏ ਜਾਣ ਵਾਲੇ ਮੇਲਿਆਂ ਤਹਿਤ ਫ਼ਿਰੋਜ਼ਪੁਰ ਦੇ ਬਸੰਤ ਮੇਲੇ ਨੂੰ ਵੀ ਪੰਜਾਬ ਸਰਕਾਰ ਵੱਲੋਂ ਪੂਰੀ ਤਰ੍ਹਾਂ ਉਤਸ਼ਾਹਿਤ ਕੀਤਾ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਫਿਰੋਜ਼ਪੁਰ ਸ਼ਹਿਰੀ ਹਲਕੇ ਤੋਂ ਵਿਧਾਇਕ ਸ. ਰਣਬੀਰ ਸਿੰਘ ਭੁੱਲਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਬਸੰਤ ਮੇਲੇ 'ਤੇ ਹੋਣ ਵਾਲੇ ਵੱਖ-ਵੱਖ ਪਤੰਗਬਾਜ਼ੀ ਦੇ ਮੁਕਾਬਲਿਆਂ ਵਿੱਚ ਜੇਤੂਆਂ ਨੂੰ 10 ਲੱਖ ਕੇ ਕਰੀਬ ਇਨਾਮੀ ਰਾਸ਼ੀ ਦਿੱਤੀ ਜਾਵੇਗੀ।



ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਰਾਜ ਦੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਬਾਰੇ ਦੇਸ਼-ਦੁਨਿਆ ਨੂੰ ਜਾਣੂ ਕਰਵਾਉਣ, ਸੂਬੇ ਵਿਚ ਸੈਰ ਸਪਾਟਾ ਖੇਤਰ ਨੂੰ ਹੋਰ ਪ੍ਰਫੁੱਲਤ ਕਰਨ ਅਤੇ ਪੰਜਾਬ ਨੂੰ 'ਰੰਗਲਾ ਪੰਜਾਬ' ਬਨਾਉਣ ਲਈ ਲਗਾਤਾਰ ਯਤਨਸ਼ੀਲ ਹੈ। ਇਸ ਉਦੇਸ਼ ਦੀ ਪ੍ਰਾਪਤੀ ਲਈ ਹੁਣ ਪੰਜਾਬ ਸਰਕਾਰ ਇੱਥੋਂ ਦੀ ਅਮੀਰ ਵਿਰਾਸਤ ਅਤੇ ਸਭਿਆਚਾਰਕ ਮਹੱਤਤਾ ਨੂੰ ਉਜਾਗਰ ਕਰਨ ਲਈ ਵਿਰਾਸਤੀ ਮੇਲਿਆਂ ਦਾ ਧੂਮ ਧਾਮ ਨਾਲ ਆਯੋਜਨ ਕਰੇਗੀ। ਜਿਸ ਤਹਿਤ ਰਾਜ ਵਿੱਚ ਸਾਲ ਭਰ 22 ਮੇਲੇ ਕਰਵਾਏ ਜਾਣਗੇ ਅਤੇ ਇਨ੍ਹਾਂ ਦੀ ਲੜੀ ਵਿਚ ਰਾਜ ਸਰਕਾਰ ਵੱਲੋਂ ਫਿਰੋਜ਼ਪੁਰ ਵਿਖੇ ਬਸੰਤ ਫੈਸਟੀਵਲ ਦਾ ਆਯੋਜਨ ਕੀਤਾ ਜਾਵੇਗਾ ਅਤੇ ਪਤੰਗਬਾਜ਼ੀ ਦੇ ਵੱਖ-ਵੱਖ ਮੁਕਾਬਲੇ ਕਰਵਾਏ ਜਾਣਗੇ।

ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਫਿਰੋਜ਼ਪੁਰ ਦੀ ਬਸੰਤ ਦਾ ਤਿਉਹਾਰ ਦੁਨੀਆਂ ਭਰ ਵਿੱਚ ਮਸ਼ਹੂਰ ਹੈ ਅਤੇ ਦੇਸ਼ ਵਿਦੇਸ਼ ਤੋਂ ਲੋਕ ਆਪਣੇ ਰਿਸ਼ਤੇਦਾਰਾਂ ਘਰ ਬਸੰਤ ਦਾ ਵਿਸ਼ੇਸ਼ ਤੌਰ 'ਤੇ ਆਨੰਦ ਮਾਨਣ ਇਥੇ ਪਹੁੰਚਦੇ ਹਨ। ਉਨ੍ਹਾਂ ਕਿਹਾ ਕਿ ਹੁਣ ਫਿਰੋਜ਼ਪੁਰ ਦੀ ਬਸੰਤ ਨੂੰ ਹੋਰ ਵੀ ਧੂਮਧਾਮ ਨਾਲ ਮਨਾਇਆ ਜਾਵੇਗਾ, ਜਿੱਥੇ ਪਤੰਗਬਾਜ਼ੀ ਦੇ ਮੁਕਾਬਲੇ ਕਰਵਾਏ ਜਾਣਗੇ ਅਤੇ ਰਾਜ ਸਰਕਾਰ ਵਲੋਂ ਜੇਤੂਆਂ ਨੂੰ ਆਕਰਸ਼ਕ ਇਨਾਮ ਦਿੱਤੇ ਜਾਣਗੇ।

## ਕਵੀ ਜਗਦੇਵ ਸਿੰਘ ਪੱਕਾ ਦਾ ਕਾਵਿ ਸੰਗ੍ਰਹਿ 'ਪੈਂਤੀ ਵਲਵਲੇ' ਲੋਕ ਅਰਪਣ

ਫ਼ਰੀਦਕੋਟ, 12 ਜੂਨ (ਗਿਆਨ ਸਿੰਘ): ਫਰੀਦਕੋਟ ਵਿਖੇ ਪੁਸਤਕ ਰਿਲੀਜ਼ ਸਮਾਰੋਹ ਕਰਵਾਇਆ ਗਿਆ। ਜਿਸ ਵਿੱਚ ਪੰਜਾਬੀ ਦੇ ਉੱਭਰਦੇ ਕਵੀ ਜਗਦੇਵ ਸਿੰਘ ਪੱਕਾ ਦਾ ਪਲੇਠਾ ਕਾਵਿ ਸੰਗ੍ਰਹਿ "ਪੈਂਤੀ ਵਲਵਲੇ" ਲੋਕ ਅਰਪਣ ਕੀਤਾ ਗਿਆ। ਇਸ ਪੁਸਤਕ ਦੇ ਪ੍ਰਕਾਸ਼ਨ ਦਾ ਕੰਮ ਓਏਸੀਜ਼ ਪਬਲੀਕੇਸ਼ਨਜ਼, ਪਟਿਆਲਾ ਵੱਲੋਂ ਕੀਤਾ ਗਿਆ। ਇਸ ਮੌਕੇ ਵਿਧਾਇਕ ਫ਼ਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਇਸ ਮੌਕੇ 'ਤੇ ਵਿਧਾਇਕ ਫ਼ਰੀਦਕੋਟ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕੇ ਇਕ ਛੋਟੇ ਜਿਹੇ ਪਿੰਡ ਪੱਕਾ ਕਲਾਂ ਵਿੱਚੋਂ ਜਗਦੇਵ ਸਿੰਘ ਪੱਕਾ ਜਹੀ ਸਕਾਰਾਤਮਕ ਸੋਚ ਦਾ ਉੱਭਰਨਾ ਇਲਾਕੇ ਲਈ ਮਾਣ ਵਾਲੀ ਗੱਲ ਹੈ ਅਤੇ ਜਗਦੇਵ ਸਿੰਘ ਦੀ ਕਵਿਤਾ ਵਿਚ ਸਮਾਜਿਕ ਅਤੇ ਚਲੰਤ ਮਸਲਿਆਂ ਦਾ ਬਿਆਨ ਬੜੇ ਸੁਚੱਜੇ ਤਰੀਕੇ ਨਾਲ ਕੀਤਾ ਗਿਆ ਹੈ ਅਤੇ ਕਿਤਾਬ ਵਿਚਲੀਆਂ ਕਵਿਤਾਵਾਂ ਵਿਚ ਧਾਰਮਿਕ ਸਮਾਜਿਕ-ਰਾਜਨੀਤਿਕ ਆਰਥਿਕ ਅਤੇ ਸੱਭਿਆਚਾਰਕ ਕਦਰਾਂ ਕੀਮਤਾਂ ਉੱਤੇ ਕਟਾਖਸ਼ ਕੀਤਾ ਗਿਆ ਹੈ। ਵਿਧਾਇਕ ਸੇਖੋਂ ਨੇ ਕਿਹਾ ਕਿ ਭਵਿੱਖ ਲਈ ਮੇਰੀ ਦੁਆ ਹੈ ਕਿ ਕਵੀ ਪੰਜਾਬੀ ਸਾਹਿਤ ਵਿਚ ਵੱਡਾ ਨਾਮ ਬਣਕੇ ਉੱਭਰੇ।

ਇਸ ਮੌਕੇ ਤੇ ਕਵੀ ਜਗਦੇਵ ਸਿੰਘ ਪੱਕਾ ਨੇ ਦੱਸਿਆ ਕਿ ਉਨ੍ਹਾਂ ਦੀ ਕਿਤਾਬ ਪੈਂਤੀ ਵਲਵਲੇ ਬਚਪਨ ਤੋਂ ਹੀ ਸਾਹਿਤ ਪੜ੍ਹਨ ਦੇ ਸ਼ੌਕ ਅਤੇ ਉਨ੍ਹਾਂ ਦੀ ਛੇ ਸਾਲਾਂ ਦੀ ਮਿਹਨਤ ਦਾ ਨਤੀਜਾ ਹੈ।

ਇਸ ਮੌਕੇ ਕਵੀ ਦੇ ਪਿਤਾ ਜਗਤਾਰ ਸਿੰਘ ਮਾਤਾ ਬਲਵਿੰਦਰ ਕੌਰ ਤੋਂ ਇਲਾਵਾ ਇਲਾਕੇ ਦੇ ਹੋਰ ਪਤਵੰਤੇ ਸੱਜਣ ਮੌਜੂਦ ਸਨ।

## ਸਾਲ 2047 ਤੱਕ 10 ਫੀਸਦੀ ਸਾਲਾਨਾ ਵਿਕਾਸ ਦਰ ਹਾਸਲ ਕਰਨ ਲਈ ਪੰਜਾਬ ਤਿਆਰ ਕਰ ਰਿਹਾ ਹੈ ਵਿਜ਼ਨ ਦਸਤਾਵੇਜ਼ : ਚੀਮਾ

* 2030 ਤੱਕ 7.5 ਫੀਸਦੀ ਦੀ ਵਿਕਾਸ ਦਰ ਹਾਸਲ ਕਰਨ ਦਾ ਇਰਾਦਾ * ਯੋਜਨਾ ਵਿਭਾਗ ਦਾ ਇਹ ਵਿਆ-ਪਕ ਦਸਤਾਵੇਜ਼ ਥੋੜ੍ਹੇ ਸਮੇਂ (2030) ਅਤੇ ਲੰਬੇ ਸਮੇਂ (2047) ਦੇ ਟੀਚਿਆਂ ਨੂੰ ਕਰੇਗਾ ਉਜਾਗਰ

ਚੰਡੀਗੜ੍ਹ, 12 ਜੂਨ (ਪੋਸਟ ਬਿਊਰੋ): ਪੰਜਾਬ ਦੇ ਵਿੱਤ ਤੇ ਯੋਜਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਾਲ 2030 ਤੱਕ ਆਰਥਿਕ ਵਿਕਾਸ ਦਰ 7.5 ਫੀਸਦੀ ਸਾਲਾਨਾ ਅਤੇ ਸਾਲ 2047 ਤੱਕ 10 ਫੀਸਦੀ ਸਾਲਾਨਾ ਹਾਸਲ ਕਰਨ ਲਈ ਵਿਜ਼ਨ ਦਸਤਾਵੇਜ਼ ਤਿਆਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਦਸਤਾਵੇਜ਼ ਆਉਣ ਵਾਲੀਆਂ ਸਰਕਾਰਾਂ ਲਈ ਵੀ ਆਪਣੇ ਯਤਨਾਂ ਅਤੇ ਨੀਤੀਆਂ ਨੂੰ ਸਹੀ ਦਿਸ਼ਾ ਵਿੱਚ ਕੇਂਦਰਿਤ ਕਰਨ ਲਈ ਇੱਕ ਮਾਰਗਦਰਸ਼ਕ ਦਸਤਾਵੇਜ਼ ਵਜੋਂ ਕੰਮ ਕਰੇਗਾ।

ਇੱਥੇ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਯੋਜਨਾ ਵਿਭਾਗ ਵੱਲੋਂ ਤਿਆਰ ਕੀਤਾ ਜਾ ਰਿਹਾ ਇਹ ਵਿਆਪਕ ਦਸਤਾਵੇਜ਼ ਮੌਜੂਦਾ ਸਥਿਤੀ, ਵੱਖ-ਵੱਖ ਖੇਤਰਾਂ ਦੀਆਂ ਚੁਣੌਤੀਆਂ, ਥੋੜ੍ਹੇ ਸਮੇਂ (2030) ਅਤੇ ਲੰਮੇ ਸਮੇਂ (2047) ਦੇ ਟੀਚਿਆਂ, ਅਤੇ ਇੰਨਾਂ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਰਣਨੀਤੀਆਂ 'ਤੇ ਚਾਨਣ ਪਾਵੇਗਾ। ਉਨ੍ਹਾਂ ਕਿਹਾ ਕਿ ਇਸਦਾ ਉਦੇਸ਼ ਵੱਖ-ਵੱਖ ਪ੍ਰਸ਼ਾਸਕੀ ਵਿਭਾਗਾਂ ਅਤੇ ਏਜੰਸੀਆਂ ਦੇ ਯਤਨਾਂ ਇਕੱਠਾ ਕਰਕੇ ਚੁਣੌਤੀਆਂ ਦਾ ਸਾਹਮਣਾ ਕਰਨ ਅਤੇ ਮਿਥੇ ਗਏ ਖੇਤਰੀ ਟੀਚਿਆਂ ਨੂੰ ਪ੍ਰਾਪਤ ਕਰਨਾ ਹੈ।



ਵਿੱਤ ਮੰਤਰੀ ਨੇ ਅੱਗੇ ਦੱਸਿਆ ਕਿ ਇਹ ਦਸਤਾਵੇਜ਼ ਉਨ੍ਹਾਂ ਖੇਤਰਾਂ ਨੂੰ ਵੀ ਉਜਾਗਰ ਕਰੇਗਾ ਜਿਨ੍ਹਾਂ ਬਾਰੇ ਗੰਭੀਰ ਅਤੇ ਸਖ਼ਤ ਯਤਨਾਂ ਦੀ ਲੋੜ ਹੈ ਤਾਂ ਜੋ ਰੁਜ਼ਗਾਰ, ਉਦਯੋਗ, ਖੇਤੀਬਾੜੀ ਅਤੇ ਪੇਂਡੂ ਵਿਕਾਸ, ਬੁਨਿਆਦੀ ਢਾਂਚੇ ਦੇ ਵਿਕਾਸ, ਟਿਕਾਊ ਸ਼ਹਿਰਾਂ ਅਤੇ ਨਿਵਾਸ ਸਥਾਨਾਂ ਨੂੰ ਹੁਲਾਰਾ ਦਿੰਦੇ ਹੋਏ ਰਾਜ ਦੀ ਆਰਥਿਕਤਾ ਨੂੰ ਮੁੜ ਸੁਰਜੀਤ ਕੀਤਾ ਜਾ ਸਕੇ। ਸ. ਚੀਮਾ ਨੇ ਕਿਹਾ ਕਿ ਸਮੂਹਿਕ ਅਤੇ ਬਰਾਬਰ ਗੁਣਵੱਤਾ ਵਾਲੀ ਸਿੱਖਿਆ, ਸਿਹਤ ਬੁਨਿਆਦੀ ਢਾਂਚਾ ਅਤੇ ਵਿਵਸਥਾ, ਲਿੰਗ ਸਮਾਨਤਾ ਪ੍ਰਾਪਤ ਕਰਨ, ਕਿਫਾਇਤੀ ਅਤੇ ਸਾਫ਼ ਊਰਜਾ, ਜਲਵਾਯੂ ਨੂੰ ਬਚਾਉਣ ਲਈ ਕਾਰਵਾਈ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਨੂੰ ਯਕੀਨੀ ਬਣਾਉਣ 'ਤੇ ਧਿਆਨ ਕੇਂਦਰਿਤ ਕਰਨ ਲਈ ਯਤਨ ਕੀਤੇ ਜਾ ਰਹੇ ਹਨ।

ਵਿੱਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਪ੍ਰਭਾਵਸ਼ਾਲੀ ਆਰਥਿਕ ਨੀਤੀਆਂ ਅਤੇ 'ਸਰਕਾਰ ਤੁਹਾਡੇ ਦੁਆਰ' ਵਰਗੇ ਲੋਕ ਪੱਖੀ ਪ੍ਰੋਗਰਾਮਾਂ ਰਾਹੀਂ 'ਰੰਗਲਾ ਪੰਜਾਬ' ਬਣਾ ਕੇ ਸੂਬੇ ਦੀ ਪੁਰਾਣੀ ਸ਼ਾਨ ਨੂੰ ਮੁੜ ਬਹਾਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਹੁਣ ਤੱਕ ਤਿੰਨ ਕੈਬਨਿਟ ਮੀਟਿੰਗਾਂ ਲੁਧਿਆਣਾ, ਜਲੰਧਰ ਅਤੇ ਮਾਨਸਾ ਵਿਖੇ ਹੋ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਪਹਿਲੀ ਵਾਰ ਅਫਸਰਸ਼ਾਹੀ ਨੂੰ ਸਿੱਧੇ ਤੌਰ 'ਤੇ ਲੋਕਾਂ ਪ੍ਰਤੀ ਜਵਾਬਦੇਹ ਬਣਾ ਕੇ ਸਮੁੱਚੀ ਸ਼ਾਸਨ ਪ੍ਰਣਾਲੀ ਵਿੱਚ ਕ੍ਰਾਂਤੀ ਲਿਆਂਦੀ ਗਈ ਹੈ।

'ਸਰਕਾਰ ਤੁਹਾਡੇ ਦੁਆਰ' ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਸ. ਚੀਮਾ ਨੇ ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਦੌਰਾਨ ਆਮ ਲੋਕ, ਸੰਸਥਾਵਾਂ ਅਤੇ ਗੈਰ-ਸਰਕਾਰੀ ਸੰਸਥਾਵਾਂ ਸਿੱਧੇ ਤੌਰ 'ਤੇ ਸਬੰਧਤ ਵਿਭਾਗ ਦੇ ਕੈਬਨਿਟ ਮੰਤਰੀ ਅੱਗੇ ਆਪਣੇ ਮੁੱਦੇ ਉਠਾ ਸਕਦੇ ਹਨ, ਜਿਸ ਨਾਲ ਜ਼ਿਲ੍ਹਾ ਪੱਧਰੀ ਪ੍ਰਸ਼ਾਸਨ 'ਤੇ ਸਮੇਂ ਸਿਰ ਸੇਵਾਵਾਂ ਦੇਣ ਅਤੇ ਬਕਾਇਆ ਕੰਮਾਂ ਨੂੰ ਪੂਰਾ ਕਰਨ ਲਈ ਦਬਾਅ ਵਧ ਗਿਆ ਹੈ। ਸ. ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਉਨ੍ਹਾਂ ਆਪਣੇ ਕੈਬਨਿਟ ਸਾਥੀ ਸ. ਕੁਲਦੀਪ ਸਿੰਘ ਧਾਲੀਵਾਲ ਨਾਲ ਇਸ ਪ੍ਰੋਗਰਾਮ ਦੌਰਾਨ 23 ਵੱਖ-ਵੱਖ ਯੂਨੀਅਨਾਂ ਅਤੇ ਐਸੋਸੀਏਸ਼ਨਾਂ ਨਾਲ ਹਾਲ ਹੀ ਵਿੱਚ ਮਾਨਸਾ ਵਿਖੇ ਮੀਟਿੰਗ ਕੀਤੀ ਅਤੇ ਇਹ ਪ੍ਰੋਗਰਾਮ ਸਰਕਾਰ ਨੂੰ ਲੋਕਾਂ ਤੋਂ ਸਿੱਧਾ ਫੀਡਬੈਕ ਪ੍ਰਾਪਤ ਕਰਨ ਵਿੱਚ ਵੀ ਮਦਦ ਕਰ ਰਿਹਾ ਹੈ।

ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸਭ ਤੋਂ ਵੱਧ ਜਵਾਬਦੇਹੀ ਸੂਬੇ ਦੇ ਲੋਕਾਂ ਪ੍ਰਤੀ ਹੈ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮਾਨਸਾ ਵਿਖੇ ਹਾਲ ਹੀ ਵਿਚ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ 14239 ਅਧਿਆਪਕਾਂ ਦੀਆਂ ਸੇਵਾਵਾਂ ਨੂੰ ਪੱਕਿਆਂ ਕਰਨ ਦਾ ਫੈਸਲਾ ਲਿਆ ਗਿਆ ਸੀ। ਉਨ੍ਹਾਂ ਕਿਹਾ ਕਿ ਅਜਿਹਾ ਫੈਸਲਾ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਕਿਸੇ ਸਰਕਾਰ ਵੱਲੋਂ ਲਿਆ ਗਿਆ ਹੈ ਅਤੇ ਉਹ ਵੀ ਕਾਰਜਕਾਲ ਦੇ ਸ਼ੁਰੂਆਤੀ ਸਾਲਾਂ ਦੌਰਾਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਦਿੱਤੀਆਂ ਗਈਆਂ ਬਹੁਤੀਆਂ ਗਾਰੰਟੀਆਂ ਨੂੰ ਪੂਰਾ ਕਰ ਦਿੱਤਾ ਗਿਆ ਹੈ ਅਤੇ ਬਾਕੀ ਰਹਿੰਦੇ ਵਾਅਦੇ ਵੀ ਪੂਰੇ ਕੀਤੇ ਜਾਣਗੇ।

## ਆਮ ਲੋਕਾਂ ਨੂੰ ਮਹਿੰਗਾਈ ਤੋਂ ਮਿਲੀ ਰਾਹਤ, ਪ੍ਰਚੂਨ ਮਹਿੰਗਾਈ ਦਰ ਘੱਟ ਕੇ 4.25 ਫੀਸਦੀ ਹੋਈ

ਨਵੀਂ ਦਿੱਲੀ, 12 ਜੂਨ (ਪੋਸਟ ਬਿਊਰੋ): ਆਮ ਆਦਮੀ ਨੂੰ ਮਹਿੰਗਾਈ ਤੋਂ ਵੱਡੀ ਰਾਹਤ ਮਿਲ ਰਹੀ ਹੈ। ਸਰਕਾਰ ਵੱਲੋਂ ਜਾਰੀ ਅੰਕੜਿਆਂ ਮੁਤਾਬਕ ਮਈ ਮਹੀਨੇ ਵਿੱਚ ਪ੍ਰਚੂਨ ਮਹਿੰਗਾਈ ਦਰ 25 ਮਹੀਨਿਆਂ ਦੇ ਹੇਠਲੇ ਪੱਧਰ 'ਤੇ ਪਹੁੰਚ ਗਈ ਹੈ। ਮਈ 'ਚ ਦੇਸ਼ 'ਚ ਪ੍ਰਚੂਨ ਮਹਿੰਗਾਈ ਦਰ ਘੱਟ ਕੇ 4.25 ਫੀਸਦੀ 'ਤੇ ਆ ਗਈ ਹੈ। ਇਸ ਸਮੇਂ ਦੌਰਾਨ ਪੇਂਡੂ ਮਹਿੰਗਾਈ ਦਰ ਵੀ 4.68% ਤੋਂ ਘੱਟ ਕੇ 4.17% 'ਤੇ ਆ ਗਈ ਹੈ। ਦੂਜੇ ਪਾਸੇ ਸ਼ਹਿਰੀ ਖੇਤਰਾਂ 'ਚ ਮਹਿੰਗਾਈ ਦਰ ਅਪ੍ਰੈਲ ਮਹੀਨੇ 'ਚ 4.85 ਫੀਸਦੀ ਤੋਂ ਘੱਟ ਕੇ 4.27 ਫੀਸਦੀ 'ਤੇ ਆ ਗਈ ਹੈ।



ਪ੍ਰਚੂਨ ਮਹਿੰਗਾਈ ਦੇ ਇਹ ਅੰਕੜੇ ਸਰਕਾਰ ਨੇ 1114 ਸ਼ਹਿਰੀ ਅਤੇ 1181 ਪੇਂਡੂ ਬਾਜ਼ਾਰਾਂ ਤੋਂ ਇਕੱਠੇ ਕੀਤੇ ਅੰਕੜਿਆਂ ਦੇ ਆਧਾਰ 'ਤੇ ਜਾਰੀ ਕੀਤੇ ਹਨ। ਇਸ ਤਹਿਤ ਦੇਸ਼ ਦੇ 98.56% ਪਿੰਡਾਂ ਅਤੇ 97.04% ਸ਼ਹਿਰੀ ਮੰਡੀਆਂ ਨੂੰ ਕਵਰ ਕੀਤਾ ਗਿਆ ਹੈ। ਮਹਿੰਗਾਈ 'ਚ ਗਿਰਾਵਟ ਦੇ ਬਾਰੇ 'ਚ ਮਾਹਰਾਂ ਦਾ ਕਹਿਣਾ ਹੈ ਕਿ ਇਹ ਅਰਥਵਿਵਸਥਾ ਲਈ ਚੰਗਾ ਸੰਕੇਤ ਹੈ। ਸਪਲਾਈ ਚੇਨ 'ਚ ਸੁਧਾਰ ਅਤੇ ਵਸਤੂਆਂ ਦੀਆਂ ਕੀਮਤਾਂ 'ਚ ਰਾਹਤ ਦਾ ਵੀ ਫਾਇਦਾ ਹੋਇਆ ਹੈ। ਹਾਲਾਂਕਿ ਇਸ ਮਹੀਨੇ ਹੋਈ ਮੁਦਰਾ ਨੀਤੀ ਦੀ ਬੈਠਕ ਦੀ ਜਾਣਕਾਰੀ ਦਿੰਦੇ ਹੋਏ ਆਰਬੀਆਈ ਗਵਰਨਰ ਨੇ ਕਿਹਾ ਸੀ ਕਿ ਮਹਿੰਗਾਈ ਨੂੰ ਲੈ ਕੇ ਚਿੰਤਾ ਅਤੇ ਅਨਿਸ਼ਚਿਤਤਾ ਅਜੇ ਵੀ ਬਰਕਰਾਰ ਹੈ।




URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)




ਬਿਲਕੁਲ ਸ਼ਾਨਦਾਰ ਤੇ ਸਾਫ ਸੁਥਰਾ ਸੈਮੀ ਡਿਟੈਚ ਬੰਗਲੋਂ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)



ਐਂਡ ਯੂਨਿਟ ਕਾਨੂਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)



ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)




ਸ਼ਾਨਦਾਰ ਤੇ ਸਾਫ ਸੁਥਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry



*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044





Grand Upholstery Ltd



Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com





FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017